

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 8, ਅਕਤੂਬਰ 2018 (ਕੱਤਕ ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ- 01832553956-60 । ਈਮੇਲ- sgpcsargarmiya@gmail.com

## ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਹੋਰਾਂ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਲਈ ਲਾਂਘੇ ਦੇ ਸਥਾਨ ਦਾ ਦੌਰਾ

**ਸ੍ਰੀ ਕਰਤਾਰਪੁਰ ਸਾਹਿਬ**

### ਲਾਂਘੇ ਦਾ ਪੂਰਾ ਰਸਤਾ ਬਣਾਉਣ ਲਈ ਸ਼੍ਰੋਮਣੀ ਕਮੇਟੀ ਤਿਆਰ -ਭਾਈ ਲੌਂਗੋਵਾਲ

### ਪਹਿਲੇ ਪਾਤਸ਼ਾਹ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣਗੇ ਵਿਸ਼ਾਲ ਸਮਾਗਮ

ਅੰਮ੍ਰਿਤਸਰ/ਡੇਰਾ ਬਾਬਾ ਨਾਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਦੇ ਲਾਂਘੇ ਸੰਬੰਧੀ ਭਾਰਤ ਅਤੇ ਪਾਕਿਸਤਾਨ ਵੱਲ ਚੱਲ ਰਹੀਆਂ ਸਰਗਰਮੀਆਂ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ ਜੀ. ਕੇ. ਅਤੇ ਜਨਰਲ ਸਕੱਤਰ ਮਨਜਿੰਦਰ ਸਿੰਘ ਸਿਰਸਾ ਸਮੇਤ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਡੇਰਾ ਬਾਬਾ ਨਾਨਕ ਸਥਿਤ ਭਾਰਤ-ਪਾਕਿਸਤਾਨ ਸਰਹੱਦ ਉੱਪਰ ਲਾਂਘਾ ਸਥਾਨ 'ਤੇ ਜਾ ਕੇ ਮੌਕੇ ਦਾ ਜਾਇਜ਼ਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਜੇਕਰ ਭਾਰਤ ਤੇ ਪਾਕਿਸਤਾਨ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਮੈਮੋਰੰਡਮ ਆਫ ਅੰਡਰਸਟੈਂਡਿੰਗ ਤਹਿਤ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਲਈ ਤਿਆਰ ਹੋ ਜਾਣ ਤਾਂ ਸ਼੍ਰੋਮਣੀ ਕਮੇਟੀ ਲਾਂਘਾ ਉਸਾਰੀ, ਰਾਵੀ ਦਰਿਆ 'ਤੇ ਪੁਲ ਦੀ ਉਸਾਰੀ ਸਮੇਤ ਹੋਰ ਹੋਣ ਵਾਲੀ ਸਾਫ਼ ਸਫ਼ਾਈ ਦੀ ਸੇਵਾ ਕਰਨ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਪੱਧਰ 'ਤੇ ਸਮਾਗਮ ਆਯੋਜਿਤ ਕੀਤੇ ਜਾਣੇ ਹਨ, ਜਿਨ੍ਹਾਂ ਦੀ ਆਰੰਭਤਾ ਇਸ ਸਾਲ ਹੋਵੇਗੀ। ਇਹ ਸਮਾਗਮ ਪੂਰਾ ਸਾਲ ਲਗਾਤਾਰ ਚੱਲਣਗੇ।



ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ ਜੀ. ਕੇ. ਅਤੇ ਜਨਰਲ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਣ ਵਾਲੇ ਸਮਾਗਮਾਂ 'ਚ ਦਿੱਲੀ ਕਮੇਟੀ ਹਰ ਪ੍ਰਕਾਰ ਦਾ ਸਹਿਯੋਗ ਦੇਵੇਗੀ ਅਤੇ ਕਰਤਾਰਪੁਰ ਦੇ ਲਾਂਘੇ ਲਈ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਕਰੇਗੀ। ਉਨ੍ਹਾਂ ਕਿਹਾ ਕਿ ਕਰਤਾਰਪੁਰ ਸਾਹਿਬ ਤੋਂ ਡੇਰਾ ਬਾਬਾ ਨਾਨਕ ਵਾਲੇ ਪਾਸੇ ਦੀ ਸਰਕੰਡਾ ਆਦਿ ਕਟਵਾ ਕੇ ਸਫ਼ਾਈ ਕਰਵਾਈ ਜਾਵੇ, ਤਾਂ ਜੋ ਸੰਗਤਾਂ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰ ਸਕਣ। ਇਸ ਮੌਕੇ ਕਰਤਾਰਪੁਰ ਦੇ ਲਾਂਘੇ ਲਈ ਮੂਲ ਮੰਤਰ ਦੇ ਪਾਠ ਉਪਰੰਤ ਸਮੂਹਿਕ ਤੌਰ 'ਤੇ ਅਰਦਾਸ ਵੀ ਕੀਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਦਿੱਲੀ ਕਮੇਟੀ ਪ੍ਰਧਾਨ ਮਨਜੀਤ ਸਿੰਘ ਜੀ. ਕੇ. ਜਨਰਲ ਸਕੱਤਰ ਮਨਜਿੰਦਰ ਸਿੰਘ ਸਿਰਸਾ, ਪਰਮਜੀਤ ਸਿੰਘ ਰਾਣਾ ਨੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਮੱਥਾ ਟੇਕਿਆ ਅਤੇ ਅਰਦਾਸ ਕੀਤੀ। ਇਸ ਦੌਰਾਨ ਭਾਈ ਲੌਂਗੋਵਾਲ ਸਮੇਤ ਹੋਰ ਸ਼ਖ਼ਸੀਅਤਾਂ ਨੂੰ ਗੁਰਦੁਆਰਾ ਸਾਹਿਬ ਵਲੋਂ ਸਿਰੋਪਾਓ ਦੀ ਬਖ਼ਸ਼ਿਸ਼ ਕੀਤੀ ਗਈ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਸ. ਮਨਜੀਤ ਸਿੰਘ ਬੱਪੀਆਣਾ, ਸ. ਪਰਮਜੀਤ ਸਿੰਘ ਰਾਣਾ ਦਿੱਲੀ, ਸ. ਕੁਲਮੋਹਨ ਸਿੰਘ ਦਿੱਲੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਲੌਂਗੋਵਾਲ, ਸ. ਹਰਭਜਨ ਸਿੰਘ ਵਕਤਾ ਇੰਚਾਰਜ, ਸ. ਤਲਵਿੰਦਰ ਸਿੰਘ ਬੁੱਟਰ, ਸ਼ਹੀਦ ਭਾਈ ਸਤਵੰਤ ਸਿੰਘ ਦੇ ਪਰਿਵਾਰ ਵਿੱਚੋਂ ਸ. ਵਰਿਆਮ ਸਿੰਘ ਤੇ ਸ. ਗੁਰਨਾਮ ਸਿੰਘ, ਬਾਬਾ ਸੁਖਦੀਪ ਸਿੰਘ ਬੇਦੀ, ਸ. ਗੁਰਦੇਵ ਸਿੰਘ ਮੈਨੇਜਰ ਅਤੇ ਹੋਰ ਮੌਜੂਦ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟਰੇਸ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕੀਤਾ ਸਨਮਾਨਿਤ

### ਭਾਈ ਲੌਂਗੋਵਾਲ ਨੇ ਐਂਟੋਨੀਓ ਗੁਟਰੇਸ ਨੂੰ ਸਿੱਖ ਮਸਲਿਆਂ ਸਬੰਧੀ ਮੈਮੋਰੰਡਮ ਸੌਂਪਿਆ

ਅੰਮ੍ਰਿਤਸਰ- ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟਰੇਸ ਨੇ ਸ਼ਰਧਾ ਭਾਵਨਾ ਨਾਲ ਮੱਥਾ ਟੇਕਿਆ। ਉਨ੍ਹਾਂ ਨੇ ਕੜਾਹ ਪ੍ਰਸ਼ਾਦ ਦੀ ਦੇਗ ਕਰਵਾਈ ਤੇ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਪੰਗਤ 'ਚ ਬੈਠ ਕੇ ਪ੍ਰਸ਼ਾਦਾ ਵੀ ਛਕਿਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਐਂਟੋਨੀਓ ਗੁਟਰੇਸ ਨੂੰ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਤੇ ਪਤਾਸਿਆਂ ਦਾ ਪ੍ਰਸ਼ਾਦ ਦਿੱਤਾ। ਇਸੇ ਦੌਰਾਨ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਲਈ ਗਏ। ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਵੇਸ਼ ਦੁਆਰ ਦੇ ਬਾਹਰ ਪਲਾਜ਼ਾ ਵਿਖੇ ਉਨ੍ਹਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ। ਪਰਕਰਮਾਂ ਕਰਦਿਆਂ ਸਕੱਤਰ ਜਨਰਲ ਐਂਟੋਨੀਓ ਗੁਟਰੇਸ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਇਥੇ ਸਥਿਤ ਪਾਵਨ ਅਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸੇ ਦੌਰਾਨ ਉਨ੍ਹਾਂ ਨੇ ਐਂਟੋਨੀਓ ਗੁਟਰੇਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ 1984 'ਚ ਉਸ ਸਮੇਂ ਦੀ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਬਾਰੇ ਵੀ ਜਾਣਕਾਰੀ ਦਿੱਤੀ। ਵਿਸ਼ੇਸ਼ ਗੱਲ ਇਹ ਰਹੀ ਕਿ ਐਂਟੋਨੀਓ ਗੁਟਰੇਸ ਪਰਕਰਮਾਂ ਦੌਰਾਨ ਕਈ ਵਾਰ ਰੁਕ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਧਿਆਤਮਕ ਵਾਤਾਵਰਣ ਨੂੰ ਮਹਿਸੂਸ ਕਰਦੇ ਰਹੇ। ਇਸ ਉਪਰੰਤ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰਾਂ ਨੇ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਅਤੇ ਧਾਰਮਿਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ।



ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟਰੇਸ ਨੂੰ ਇਕ ਮੈਮੋਰੰਡਮ ਸੌਂਪ ਕੇ ਸਿੱਖ ਮਸਲੇ ਉਠਾਏ। ਭਾਈ ਲੌਂਗੋਵਾਲ ਨੇ ਮੈਮੋਰੰਡਮ ਰਾਹੀਂ ਐਂਟੋਨੀਓ ਗੁਟਰੇਸ ਪਾਸ ਪਾਕਿਸਤਾਨ ਸਥਿਤ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਲਾਂਘੇ ਦਾ ਮਸਲਾ ਵਿਸ਼ੇਸ਼ ਤੌਰ 'ਤੇ ਉਠਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਹ ਪਾਵਨ ਅਸਥਾਨ ਭਾਰਤੀ ਸਰਹੱਦ ਤੋਂ ਕੇਵਲ 4 ਕੁ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੀ ਇਸ ਲਾਂਘੇ ਸਬੰਧੀ ਮੰਗ ਨੂੰ ਲੰਮੇ ਸਮੇਂ ਤੋਂ ਸਰਕਾਰਾਂ ਪਾਸ ਉਠਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਲਾਂਘਾ ਖੁੱਲ੍ਹਦਾ ਹੈ ਕਿ ਭਾਰਤ-ਪਾਕਿਸਤਾਨ ਦੋਹਾਂ ਦੇਸ਼ਾਂ ਵਿਚ ਹੀ ਸ਼ਾਂਤੀ ਅਤੇ ਖ਼ੁਸ਼ਹਾਲੀ ਆਵੇਗੀ। ਇਸ ਲਈ ਇਹ ਮਸਲਾ ਯੂਨਾਈਟਿਡ ਨੇਸ਼ਨਜ਼ ਦੀ ਜਨਰਲ ਐਸੰਬਲੀ ਵਿਚ ਵਿਚਾਰਿਆ ਜਾਵੇ ਅਤੇ ਦੋਹਾਂ ਦੇਸ਼ਾਂ ਨੂੰ ਇਸ ਦਾ ਸੰਜੀਦਗੀ ਨਾਲ ਹੱਲ ਕਰਨ ਲਈ ਕਿਹਾ ਜਾਵੇ। ਭਾਈ ਲੌਂਗੋਵਾਲ ਨੇ 1984 ਦੀ ਸਿੱਖ ਨਸਲਕੁਸ਼ੀ ਦਾ ਮਾਮਲਾ ਵੀ ਉਨ੍ਹਾਂ ਪਾਸ ਉਠਾਇਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜੂਨ 1984 'ਚ ਭਾਰਤੀ ਫ਼ੌਜ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕਰਕੇ ਭਾਰੀ ਨੁਕਸਾਨ ਪਹੁੰਚਾਇਆ ਗਿਆ ਸੀ। ਇਸ ਤੋਂ ਇਲਾਵਾ ਨਵੰਬਰ 1984 ਵਿਚ ਦਿੱਲੀ, ਕਾਨ੍ਹਪੁਰ ਸਮੇਤ ਅਨੇਕਾਂ ਥਾਵਾਂ 'ਤੇ ਸਿੱਖ ਨਸਲਕੁਸ਼ੀ ਕੀਤੀ ਗਈ। ਉਨ੍ਹਾਂ ਸਿੱਖ ਨਸਲਕੁਸ਼ੀ ਦੇ ਜ਼ੁੰਮੇਵਾਰਾਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਸੰਯੁਕਤ ਰਾਸ਼ਟਰ ਨੂੰ ਦਖ਼ਲ ਦੇਣ ਲਈ ਕਿਹਾ। ਇਸ ਤੋਂ ਇਲਾਵਾ ਭਾਈ ਲੌਂਗੋਵਾਲ ਨੇ ਸਿੱਖ ਪਛਾਣ ਦੀ ਸਮੱਸਿਆ ਕਾਰਨ ਵਿਦੇਸ਼ਾਂ ਵਿਚ ਸਿੱਖਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨ ਦੀ ਅਪੀਲ ਕੀਤੀ। ਭਾਈ ਲੌਂਗੋਵਾਲ ਨੇ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ (ਕਿਰਪਾਨ, ਕੜਾ ਤੇ ਦਸਤਾਰ) ਬਾਰੇ ਐਂਟੋਨੀਓ ਗੁਟਰੇਸ ਨੂੰ ਕਿਹਾ ਕਿ ਅੱਜ ਵਿਸ਼ਵ ਭਰ ਵਿਚ ਵੱਸਦੇ ਸਿੱਖਾਂ ਨੂੰ ਕਈ ਵਾਰ ਸਿੱਖ ਕਕਾਰਾਂ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਭਾਈ ਲੌਂਗੋਵਾਲ ਨੇ ਇਹ ਵੀ ਕਿਹਾ ਕਿ ਵੱਖ-ਵੱਖ ਦੇਸ਼ਾਂ ਅੰਦਰ ਸਿੱਖਾਂ 'ਤੇ ਹੋ ਰਹੇ ਹਮਲੇ ਵੀ ਚਿੰਤਾਜਨਕ ਹਨ, ਜਿਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਹ ਸਾਰੇ ਮਾਮਲੇ ਬੇਹੱਦ ਅਹਿਮ ਹੋਣ ਕਰਕੇ ਧਿਆਨ ਮੰਗਦੇ ਹਨ ਅਤੇ ਉਹ ਚਾਹੁੰਦੇ ਹਨ ਕਿ ਇਹ ਸਾਰੇ ਮਸਲੇ ਸੰਯੁਕਤ ਰਾਸ਼ਟਰ ਜਨਰਲ ਐਸੰਬਲੀ ਅਤੇ ਹੋਣ ਵਾਲੀਆਂ ਕਨਵੈਂਸ਼ਨਾਂ ਵਿਚ ਉਠਾਏ ਜਾਣ, ਤਾਂ ਜੋ ਇਨ੍ਹਾਂ ਦਾ ਸਰਲੀਕਰਨ ਹੋ ਸਕੇ। ਇਨ੍ਹਾਂ ਸਾਰੇ ਮਾਮਲਿਆਂ ਦੇ ਵਿਚਾਰ ਸਬੰਧੀ ਐਂਟੋਨੀਓ ਗੁਟਰੇਸ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਭਰੋਸਾ ਦਿੱਤਾ।

ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਹੋਏ ਅਨੁਭਵ ਵੀ ਦਰਜ਼ ਕੀਤੇ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਧਿਆਤਮਕ ਅਤੇ ਸ਼ਾਂਤੀ ਦਾ ਮੁੱਖ ਕੇਂਦਰ ਹੈ, ਜਿਥੇ ਹਰ ਧਰਮ ਦੇ ਲੋਕ ਸ਼ਰਧਾ ਅਤੇ ਸਤਿਕਾਰ ਨਾਲ ਆਉਂਦੇ ਹਨ। ਉਨ੍ਹਾਂ ਕਿਹਾ ਕਿ ਇਹ ਸਰਬਸਾਂਝੀਵਾਲਤਾ ਦਾ ਪ੍ਰਤੀਕ ਹੈ। ਉਨ੍ਹਾਂ ਇਹ ਵੀ ਆਖਿਆ ਕਿ ਉਨ੍ਹਾਂ ਨੂੰ ਇਥੇ ਪਹਿਲੀ ਵਾਰ ਆਉਣ ਦਾ ਮੌਕਾ ਮਿਲਿਆ ਹੈ, ਜਿਥੇ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਗਏ ਇਸ ਸਨਮਾਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਮੈਂਬਰ ਬੀਬੀ ਕਿਰਨਜੋਤ ਕੌਰ, ਕੇਂਦਰੀ ਮੰਤਰੀ ਸ. ਹਰਦੀਪ ਸਿੰਘ ਪੁਰੀ, ਪੰਜਾਬ ਦੇ ਖ਼ਜ਼ਾਨਾ ਮੰਤਰੀ ਸ. ਮਨਪ੍ਰੀਤ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ, ਨਿੱਜੀ ਸਹਾਇਕ ਸ. ਸੁਖਮਿੰਦਰ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਮੁਖਤਾਰ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਹਰਭਜਨ ਸਿੰਘ ਵਕਤਾ, ਸ. ਬਘੇਲ ਸਿੰਘ, ਡੀ.ਸੀ. ਸ. ਕਮਲਦੀਪ ਸਿੰਘ ਸੰਘਾ ਤੇ ਹੋਰ ਮੌਜੂਦ ਸਨ।

# ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਹਰ ਪ੍ਰਾਣੀ ਮਾਤਰ ਤੱਕ ਪਹੁੰਚਾਉਣ ਲਈ ਸਹਾਈ ਹੋਣਗੇ ਸ਼ਤਾਬਦੀ ਸਮਾਗਮ

1969 ਈ: ਵਿਚ ਸਿੱਖ ਪੰਥ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪੰਜਵੀਂ ਜਨਮ ਸ਼ਤਾਬਦੀ ਪੂਰੇ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਈ ਗਈ ਸੀ। ਸਾਡੇ ਲਈ ਇਹ ਸੁਨਹਿਰਾ ਸਮਾਂ ਹੈ ਕਿ ਸਾਡੇ ਜੀਵਨ ਵਿਚ ਸਿੱਖ ਧਰਮ ਦੇ ਬਾਨੀ, ਇਨਕਲਾਬੀ ਰਹਿਬਰ, ਜਗਤ ਗੁਰੂ, ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ 550ਵਾਂ ਪ੍ਰਕਾਸ਼ ਪੁਰਬ ਨਵੰਬਰ, 2019 ਵਿਚ ਆ ਰਿਹਾ ਹੈ। ਇਸ ਪਾਵਨ ਦਿਹਾੜੇ ਨੂੰ ਮਨਾਉਣ ਲਈ ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਕੀ ਸਿੱਖ ਸੰਸਥਾਵਾਂ, ਸੰਪਰਦਾਵਾਂ ਨਾਲ ਮਿਲ ਕੇ ਵਿਸ਼ੇਸ਼ ਯੋਜਨਾਵਾਂ ਅਤੇ ਪ੍ਰੋਗਰਾਮ ਉਲੀਕ ਰਹੀ ਹੈ। ਇਸ ਇਤਿਹਾਸਕ ਦਿਹਾੜੇ ਨੂੰ ਸਮਰਪਿਤ ਜਿਥੇ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਵਿਚ ਸੈਮੀਨਾਰ ਕਰਕੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਫਲਸਫੇ ਨੂੰ ਸੰਗਤਾਂ ਤੱਕ ਪਹੁੰਚਾਉਣ ਦਾ ਜਤਨ ਕੀਤਾ ਜਾਵੇਗਾ ਉਥੇ ਗੁਰਮਤਿ ਸਮਾਗਮਾਂ ਦੇ ਨਾਲ-ਨਾਲ ਵੱਖ-ਵੱਖ ਥਾਵਾਂ ਤੋਂ ਨਗਰ ਕੀਰਤਨ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੱਕ ਸਜਾਏ ਜਾਣੇ ਹਨ ਜਿਨ੍ਹਾਂ ਦੀ ਸ਼ੁਰੂਆਤ ਗੁਰਦੁਆਰਾ ਸਾਹਿਬ ਕੋੜੀ ਘਾਟ ਉੱਤਰ ਪ੍ਰਦੇਸ਼ ਤੋਂ 1 ਅਕਤੂਬਰ ਨੂੰ ਕੀਤੀ ਗਈ ਹੈ ਜੋ 8 ਅਕਤੂਬਰ ਨੂੰ ਸੁਲਤਾਨਪੁਰ ਲੋਧੀ ਵਿਖੇ ਸਮਾਪਤ ਹੋਵੇਗਾ ਅਤੇ 9 ਅਕਤੂਬਰ ਨੂੰ ਵਿਸ਼ੇਸ ਗੁਰਮਤਿ ਸਮਾਗਮ ਹੋਣਗੇ। ਇਸ ਸਾਲ ਨਵੰਬਰ ਤੋਂ ਅਗਲਾ ਪੂਰਾ ਸਾਲ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ ਨਵੰਬਰ 21 ਤੋਂ 23 ਤੱਕ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਕੀਤੀ ਜਾ ਰਹੀ ਹੈ। ਇਨ੍ਹਾਂ ਸਮਾਗਮਾਂ ਵਿੱਚ ਸਮੁੱਚੀਆਂ ਸਿੰਘ ਸਭਾਵਾਂ, ਸਭਾ ਸੁਸਾਇਟੀਆਂ ਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਨਾਲ ਸੰਤ ਸਮਾਜ ਵੀ ਸਮੂਲੀਅਤ ਕਰੇਗਾ। ਇਨ੍ਹਾਂ ਸਮਾਗਮਾਂ ਸਮੇਂ ਜਿਥੇ ਵਿਸ਼ੇਸ ਲੇਜਰ ਸ਼ੋਅ ਹੋਵੇਗਾ ਉਥੇ ਮਨਮੋਹਕ ਆਤਸ਼ਬਾਜੀ ਵੀ ਹੋਵੇਗੀ। ਸ੍ਰੀ ਗੁਰੂ ਨਾਨਕ ਦੇਵ ਜੀ ਦੀ 550 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਨੂੰ ਸਮਰਪਿਤ ਸੋਨੇ ਅਤੇ ਚਾਂਦੀ ਦੇ ਸਿੱਕੇ ਵੀ ਜਾਰੀ ਕੀਤੇ ਜਾਣਗੇ।

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਵਿਲੱਖਣ, ਆਧੁਨਿਕ, ਵਿਗਿਆਨਕ ਅਤੇ ਮਾਨਵ-ਹਿੱਤਕਾਰੀ ਹੈ। ਆਪ ਨੇ ਮਨੁੱਖੀ ਜੀਵਨ ਦੀ ਉੱਤਮਤਾ ਨੂੰ ਪੇਸ਼ ਕਰਦਿਆਂ ਇਸ ਦੇ ਮਨੋਰਥ ਨੂੰ ਵੀ ਲੋਕਾਈ ਸਾਹਮਣੇ ਰੱਖਿਆ ਅਤੇ ਨਾਲ ਹੀ ਮਨੁੱਖ ਨੂੰ ਜੀਵਨ ਮਨੋਰਥ ਦੀ ਪੂਰਤੀ ਲਈ ਸੁਚੱਜੀ ਅਗਵਾਈ ਵੀ ਬਖ਼ਸ਼ੀ। ਗੁਰੂ ਸਾਹਿਬ ਨੇ ਪਾਵਨ ਬਾਣੀ 'ਜਪੁ ਜੀ ਸਾਹਿਬ' ਅੰਦਰ ਕੂੜ/ਝੂਠ ਦੇ ਖ਼ਾਤਮੇ ਲਈ ਪ੍ਰਭੂ ਪਰਮਾਤਮਾ ਦੀ ਰਜ਼ਾ/ਹੁਕਮ ਨੂੰ ਜੀਵਨ ਦਾ ਹਿੱਸਾ ਬਣਾਉਣ ਦਾ ਉਪਦੇਸ਼ ਕੀਤਾ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਸਮੇਂ ਸਮਾਜ ਵਿਚ ਕੁਰੀਤੀਆਂ, ਵਹਿਮਾਂ-ਭਰਮਾਂ ਅਤੇ ਪਾਖੰਡਵਾਦ ਦਾ ਬੋਲਬਾਲਾ ਸੀ। ਆਪ ਨੇ ਸਮਾਜ ਵਿਚ ਪਸਰੀਆਂ ਫੋਕਟ ਰੀਤਾਂ ਨੂੰ ਵਿਅਰਥ ਦੱਸਿਆ ਅਤੇ ਜੀਵਨ ਅਕਾਲ ਪੁਰਖ ਦੀ ਭੈ-ਭਾਵਨੀ 'ਚ ਬਸਰ ਕਰਨ ਦਾ ਉਪਦੇਸ਼ ਦਿੱਤਾ। ਆਪ ਜੀ ਨੇ ਸਾਫ-ਸੁਥਰੇ ਢੰਗ ਨਾਲ ਧਰਮ ਨੂੰ ਵਹਿਮਾਂ-ਭਰਮਾਂ ਤੇ ਕਰਮਕਾਂਡਾਂ ਤੋਂ ਵੱਖ ਕਰਕੇ ਸਮਾਜਿਕ ਖੇਤਰ ਵਿਚ ਧਰਮ ਦਾ ਸਹੀ ਸਥਾਨ ਨਿਸ਼ਚਿਤ ਕੀਤਾ ਅਤੇ ਧਰਮ ਤੇ ਸਮਾਜ ਦੀ ਇਕ ਦੂਜੇ 'ਤੇ ਪਰਸਪਰ ਨਿਰਭਰਤਾ ਨੂੰ ਸਪੱਸ਼ਟ ਕੀਤਾ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਭਾਰਤੀ ਸਮਾਜ ਅਤੇ ਸਿਧਾਂਤਕ ਸਮੱਸਿਆਵਾਂ ਦਾ ਵਿਸ਼ਲੇਸ਼ਣ ਕਰਕੇ ਉਨ੍ਹਾਂ ਦੇ ਢੁਕਵੇਂ ਤੇ ਸਪੱਸ਼ਟ ਹੱਲ ਦੱਸੇ। ਭਾਰਤੀ ਦਰਸ਼ਨ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਪਹਿਲਾਂ ਅਜਿਹੇ ਯਤਨਾਂ ਦੀਆਂ ਉਦਾਹਰਣਾਂ ਨਾਮਾਤਰ ਹੀ ਮਿਲਦੀਆਂ ਹਨ। ਆਪ ਨੇ ਮਨੁੱਖੀ ਜੀਵਨ ਦੇ ਸੁਧਾਰ ਲਈ ਗੁਰਬਾਣੀ ਦੀ ਬਖਸ਼ਿਸ਼ ਕੀਤੀ, ਜਿਸ ਵਿਚ ਅਧਿਆਤਮਿਕਤਾ ਦੇ ਨਾਲ-ਨਾਲ ਸੁਚੱਜੇ ਸਮਾਜ ਦੀ ਸਿਰਜਣਾ ਲਈ ਬੀਜ ਵੀ ਵਿਦਮਾਨ ਹਨ।

ਗੁਰੂ ਸਾਹਿਬ ਦੇ ਜੀਵਨ ਵਿੱਚੋਂ ਕਿਰਤ ਦੀ ਉੱਤਮਤਾ ਵੀ ਪ੍ਰਬਲ ਰੂਪ ਵਿਚ ਉਜਾਗਰ ਹੁੰਦੀ ਹੈ। ਕਰਤਾਰਪੁਰ ਵਿਖੇ ਖੇਤੀ ਕਰਦਿਆਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਨਾ ਆਪ ਜੀ ਦਾ ਕਰਮ ਸੀ। ਕਿਰਤੀ ਮਨੁੱਖ ਪਰਮਾਤਮਾ ਦੇ ਜ਼ਿਆਦਾ ਨੇੜੇ ਹੁੰਦਾ ਹੈ। ਕਿਰਤ ਕਰਦਿਆਂ ਪ੍ਰਭੂ-ਪਰਮਾਤਮਾ ਦੀ ਯਾਦ ਵਿਚ ਜੁੜੇ ਰਹਿਣਾ ਅਤੇ ਕਿਰਤ ਕਮਾਈ ਵਿੱਚੋਂ ਲੋੜਵੰਦਾਂ ਦੀ ਮੱਦਦ ਕਰਨੀ ਪਹਿਲੇ ਪਾਤਸ਼ਾਹ ਜੀ ਦੀ ਵਿਚਾਰਧਾਰਾ ਦਾ ਮੂਲ ਹੈ। ਮਨੁੱਖੀ ਬਰਾਬਰਤਾ ਦੀਆਂ ਉਡਾਈਆਂ ਜਾ ਰਹੀਆਂ ਧੱਜੀਆਂ ਵਿਰੁੱਧ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਵਾਜ਼ ਉਠਾਈ। ਸਮੇਂ ਦੇ ਸੰਦਰਭ ਵਿਚ ਇਹ ਇਕ ਕ੍ਰਾਂਤੀਕਾਰੀ ਉੱਦਮ ਸੀ। ਸਮਾਜਿਕ ਅਨਿਆਂ ਦੀ ਮਾਰ ਝਲਦੀ ਮਾਨਵਤਾ ਦੇ ਹੱਕ ਵਿਚ ਆਪ ਵੱਲੋਂ ਆਣ ਖਲੋਣਾ ਅਤੇ ਆਪਣੀ ਬਾਣੀ ਅੰਦਰ ਆਪਣੇ ਆਪ ਨੂੰ ਉਨ੍ਹਾਂ ਦੀ ਸ਼੍ਰੇਣੀ ਵਿਚ ਸ਼ਾਮਲ ਕਰਨਾ ਚਮਤਕਾਰੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਸ਼ਤਾਬਦੀ ਸਮਾਗਮਾਂ ਦਾ ਲਾਹਾ ਲੈਂਦਿਆਂ ਸਿੱਖ ਕੌਮ, ਉਸ ਮਹਾਨ ਇਨਕਲਾਬੀ ਰਹਿਬਰ ਦੇ ਜੀਵਨ ਇਤਿਹਾਸ ਅਤੇ ਮਨੁੱਖਤਾ ਲਈ ਕਲਿਆਣਕਾਰੀ ਸਿਖਿਆਵਾਂ ਨੂੰ ਖ਼ੁਦ ਅਪਣਾ ਕੇ, ਸਾਰੀ ਦੁਨੀਆਂ ਤੱਕ ਲੈ ਕੇ ਜਾਣ ਦੇ ਰੂਪ ਵਿਚ ਵਰਤ ਸਕਦੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਚਹੁੰ-ਦੀਸਾਵਾਂ 'ਚ ਕੀਤੀਆਂ ਯਾਤਰਾਵਾਂ (ਫੇਰੀਆਂ) ਦਾ ਵੱਡਾ ਮੰਤਵ ਤਾਂ ਸਿੱਖੀ ਦਾ ਪ੍ਰਚਾਰ ਤੇ ਪ੍ਰਸਾਰ ਪੂਰੇ ਵਿਸ਼ਵ ਚ ਕਰਨਾ ਸੀ। ਗੁਰੂ ਸਾਹਿਬ ਦੇ ਆਗਮਨ ਪੁਰਬ ਦੀ ਅਰਧ-ਸ਼ਤਾਬਦੀ ਸਾਡੇ ਲਈ ਚੰਗਾ ਮੌਕਾ ਹੈ ਗੁਰੂ ਸਾਹਿਬ ਜੀ ਦੇ ਉਪਦੇਸ਼ ਦੀ ਗੱਲ ਘਰ-ਘਰ ਤੱਕ ਪਹੁੰਚਾਉਣ ਲਈ। 'ਧੁਰ ਕੀ ਬਾਣੀ' ਤੋਂ ਅਗਵਾਈ ਲੈਣ ਵਾਲਾ ਸਿੱਖ ਧਰਮ, ਵਿਸ਼ਵ ਧਰਮ ਬਣਨ ਦੇ ਸਮਰੱਥ ਹੈ ਅਤੇ ਵਰਤਮਾਨ ਸਮੇਂ ਦੁਨੀਆਂ ਨੂੰ ਹਰ ਖੇਤਰ 'ਚ ਅਗਵਾਈ ਦੇਣ ਦੇ ਪੂਰਨ ਰੂਪ 'ਚ ਯੋਗ ਹੈ ਪਰ ਅਸੀਂ ਗੁਰਬਾਣੀ ਵੱਲੋਂ ਦਰਸਾਏ ਮਾਰਗ ਤੋਂ ਥਿੜਕ ਕੇ ਸਿੱਖੀ ਸਿਧਾਂਤਾਂ ਦਾ ਪੱਲਾ ਘੁੱਟ ਕੇ ਫੜ ਨਹੀਂ ਸਕੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਅਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਤਹਿਤ ਗੁਰੂ ਸਾਹਿਬ ਦੇ ਫਲਸਫੇ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਇਸ ਤਹਿਤ ਜਿਥੇ ਸਮਾਗਮ ਕੀਤੇ ਜਾ ਰਹੇ ਹਨ ਉਥੇ ਨੌਜਵਾਨਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਧਰਮ ਪ੍ਰਤੀ ਪ੍ਰੇਰਿਆ ਜਾ ਰਿਹਾ ਹੈ। ਇਸ ਮੌਕੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਹਰ ਪ੍ਰਾਣੀ ਮਾਤਰ ਤੱਕ ਪਹੁੰਚਾਉਣ ਲਈ ਸਾਨੂੰ ਸਾਰਿਆਂ ਨੂੰ ਸੁਹਿਰਦ ਯਤਨ ਕਰਨ ਦੀ ਲੋੜ ਹੈ।

-ਦਿਲਜੀਤ ਸਿੰਘ ਬੇਦੀ

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਅਹਿਮ ਫੈਸਲੇ

# ਸ਼੍ਰੋਮਣੀ ਕਮੇਟੀ ਵੱਲੋਂ ਅਮਰੀਕਾ ਦੇ ਯੂਬਾਸਿਟੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਬਣਾਇਆ ਜਾਵੇਗਾ-ਭਾਈ ਲੌਂਗੋਵਾਲ

## ਪਹਿਲੇ ਪਾਤਸ਼ਾਹ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਪਾਕਿਸਤਾਨੀ ਭੇਜਿਆ ਜਾਵੇਗਾ ਸ਼੍ਰੋਮਣੀ ਕਮੇਟੀ ਦਾ ਵਫ਼ਦ



ਚੰਡੀਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਥੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਇਕੱਤਰਤਾ ਵਿਚ ਅਮਰੀਕਾ ਦੇ ਯੂਬਾਸਿਟੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਬਣਾਉਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੇ ਇਸ ਸਾਲ ਹੋਣ ਵਾਲੇ ਖ਼ਾਲਸਾਈ ਖੇਡ ਉਤਸਵ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਅਮਰੀਕਾ ਨਿਵਾਸੀ ਸਿੱਖ ਸ. ਦੀਦਾਰ ਸਿੰਘ ਬੈਂਸ ਵੱਲੋਂ ਯੂਬਾਸਿਟੀ ਵਿਖੇ ਬੀਤੇ ਸਮੇਂ ਵਿਚ ਸ਼੍ਰੋਮਣੀ ਕਮੇਟੀ ਨੂੰ ਜ਼ਮੀਨ ਦਿੱਤੀ ਗਈ ਸੀ, ਜਿਸ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਤੋਂ ਅਮਰੀਕਾ ਦੇ ਸਾਰੇ ਗੁਰਦੁਆਰਾ ਸਾਹਿਬਾਨ ਨੂੰ ਲੋੜ ਅਨਸਾਰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪਹੁੰਚਾਏ ਜਾਣਗੇ ਅਤੇ ਇਸ ਤੋਂ ਇਲਾਵਾ ਇਥੇ ਹਰ ਐਤਵਾਰ ਨੂੰ ਗੁਰਮਤਿ ਦੀਆਂ ਕਲਾਸਾਂ ਲਗਾਉਣ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਧਾਰਮਿਕ ਸਾਹਿਤ ਮੁਫ਼ਤ ਵੰਡਿਆ ਜਾਵੇਗਾ।

ਉਨ੍ਹਾਂ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਹੋਰ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਗਲੇ ਸਾਲ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਆਰੰਭਤਾ ਇਸ ਸਾਲ 22-23 ਨਵੰਬਰ 2018 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਕਰਨ ਦਾ ਫੈਸਲਾ ਕੀਤਾ ਗਿਆ ਹੈ ਅਤੇ ਇਹ ਆਰੰਭਤਾ ਸਮਾਗਮ ਯਾਦਗਾਰੀ ਬਣਾਉਣ ਬਾਰੇ ਵਿਚਾਰ ਕਰਨ ਲਈ ਅੰਤ੍ਰਿੰਗ ਕਮੇਟੀ ਦੇ ਅਗਲੀ ਇਕੱਤਰਤਾ 18 ਅਕਤੂਬਰ ਨੂੰ ਸੁਲਤਾਨਪੁਰ ਲੋਧੀ ਵਿਖੇ ਹੋਵੇਗੀ। ਭਾਈ ਲੌਂਗੋਵਾਲ ਨੇ ਦੱਸਿਆ ਕਿ 22-23 ਨਵੰਬਰ ਦੇ ਆਰੰਭਤਾ ਸਮਾਗਮਾਂ 'ਚ ਸ਼ਾਮਲ ਹੋਣ ਲਈ ਭਾਰਤ ਦੇ ਪ੍ਰਧਾਨ ਮੰਤਰੀ, ਰਾਸ਼ਟਰਪਤੀ ਅਤੇ ਹੋਰ ਪ੍ਰਮੁੱਖ ਹਸਤੀਆਂ ਨੂੰ ਸੱਦਾ ਦਿੱਤਾ ਜਾਵੇਗਾ।

ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਇਕ ਵਫ਼ਦ ਪਾਕਿਸਤਾਨ ਵਿਖੇ ਭੇਜਿਆ ਜਾਵੇਗਾ, ਜੋ ਉਥੋਂ ਦੀ ਸਰਕਾਰ ਅਤੇ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਰਾਬਤਾ ਬਣਾ ਕੇ ਪਾਕਿਸਤਾਨ ਵਿਖੇ ਸਮਾਗਮ ਕਰਵਾਉਣ ਦਾ ਪ੍ਰਸਤਾਵ ਰੱਖੇਗਾ। ਭਾਈ ਲੌਂਗੋਵਾਲ ਨੇ ਦੱਸਿਆ ਕਿ 550ਵੇਂ ਪ੍ਰਕਾਸ਼ ਪੁਰਬ ਸਬੰਧੀ 10-11 ਅਕਤੂਬਰ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਿੱਖ ਜਥੇਬੰਦੀਆਂ ਨਾਲ ਇਕੱਤਰਤਾਵਾਂ ਕੀਤੀਆਂ ਜਾਣਗੀਆਂ। 10 ਅਕਤੂਬਰ ਦੀ ਇਕੱਤਰਤਾ ਵਿਚ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ ਅਤੇ ਧਾਰਮਿਕ ਸਭਾ ਸੁਸਾਇਟੀਆਂ ਦੇ ਪ੍ਰਤੀਨਿਧਾਂ ਅਤੇ 11 ਅਕਤੂਬਰ ਨੂੰ ਸਮੂਹ ਸਿੰਘ ਸਭਾਵਾਂ ਦੇ ਨੁਮਾਇੰਦਿਆਂ ਨਾਲ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਵਿਚਾਰਾਂ ਕੀਤੀਆਂ ਜਾਣਗੀਆਂ ਅਤੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਜਾਵੇਗੀ।

ਉਨ੍ਹਾਂ ਅੱਗੇ ਦੱਸਿਆ ਕਿ ਇਕੱਤਰਤਾ ਦੌਰਾਨ ਸਿੱਖ ਨੌਜੁਆਨੀ ਨੂੰ ਸਿੱਖ ਵਿਰਸੇ ਨਾਲ ਜੋੜਨ ਦੇ ਮੰਤਵ ਨਾਲ ਸਕੂਲਾਂ/ਕਾਲਜਾਂ ਦਾ ਖ਼ਾਲਸਾਈ ਖੇਡ ਉਤਸਵ ਇਸ ਵਾਰ ਵਿਲੱਖਣ ਢੰਗ ਨਾਲ ਮਨਾਇਆ ਜਾਵੇਗਾ ਅਤੇ ਇਸ ਵਿਚ ਸ਼ਾਮਲ ਹੋਣ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ, ਤਾਂ ਜੋ ਉਹ ਆਪਣੇ ਵਿਰਸੇ ਨਾਲ ਜੁੜ ਸਕਣ। ਉਨ੍ਹਾਂ ਦੱਸਿਆ ਕਿ ਇਸ ਖੇਡ ਉਤਸਵ ਦਾ ਸਥਾਨ ਅਤੇ ਸਮਾਂ ਨਿਰਧਾਰਤ ਕਰਨ ਲਈ ਇਕ ਸਬ-ਕਮੇਟੀ ਬਣਾਈ ਜਾਵੇਗੀ। ਇਕੱਤਰਤਾ ਦੌਰਾਨ ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਵੱਖ-ਵੱਖ ਗੁਰਦੁਆਰਾ ਸਾਹਿਬਾਨ, ਟਰੱਸਟਾਂ ਅਤੇ ਸਕੂਲਾਂ ਕਾਲਜਾਂ ਨਾਲ ਸਬੰਧਤ ਮਾਮਲੇ ਵੀ ਵਿਚਾਰੇ ਗਏ ਅਤੇ ਕੀਤੇ ਜਾਣ ਵਾਲੇ ਅਨੇਕਾਂ ਕਾਰਜਾਂ ਨੂੰ ਪ੍ਰਵਾਨਗੀ ਵੀ ਦਿੱਤੀ ਗਈ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਗੁਰਪ੍ਰੀਤ ਕੌਰ, ਸ. ਗੁਰਮੀਤ ਸਿੰਘ ਬੂਹ, ਸ. ਰਵਿੰਦਰ ਸਿੰਘ ਚੱਕ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਵਧੀਕ ਸਕੱਤਰ ਸ. ਕੇਵਲ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਲਖਬੀਰ ਸਿੰਘ, ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਸਮੇਤ ਹੋਰ ਹਾਜ਼ਰ ਸਨ।

# ਪਿੰਡ ਚਮਿਆਰੀ ਤੋਂ ਦਸਤਾਰ ਚੇਤਨਾ ਮਾਰਚ ਕੱਢਿਆ

## ਦਸਤਾਰ ਸਿੱਖਾਂ ਦੇ ਸਿਰ ਦਾ ਤਾਜ : ਜਥੇ ਅਮਰੀਕ ਸਿੰਘ ਵਿਛੋਆ



ਚਮਿਆਰੀ- ਸਿੱਖੀ ਤੋਂ ਬੇਮੁੱਖ ਹੋ ਕੇ ਕੁਰਾਹੇ ਪੈ ਰਹੀ ਨੌਜਵਾਨੀ ਨੂੰ ਮੁੜ ਸਿੱਖੀ ਸਿਧਾਂਤਾਂ ਨਾਲ ਜੋੜਨ ਅਤੇ ਨੌਜਵਾਨਾਂ 'ਚ ਦਸਤਾਰ ਪ੍ਰਤੀ ਚੇਤਨਾ ਪੈਦਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਬੁੱਢਾ ਸਾਹਿਬ ਗ੍ਰੰਥੀ ਸਭਾ ਦੇ ਸਾਂਝੇ ਉਪਰਾਲੇ ਸਦਕਾ ਇਕ ਵਿਸ਼ਾਲ ਦਸਤਾਰ ਚੇਤਨਾ ਮਾਰਚ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਚਮਿਆਰੀ ਤੋਂ ਰਵਾਨਾ ਕੀਤਾ ਗਿਆ।

ਅਰਦਾਸ ਉਪਰੰਤ ਇਸ ਮਾਰਚ ਦੀ ਹੋਈ ਆਰੰਭਤਾ ਮੌਕੇ ਇਕੱਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਮਾਸਟਰ ਅਮਰੀਕ ਸਿੰਘ ਵਛੋਆ, ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਬਲਕਾਰ ਸਿੰਘ ਸੂਰੇਪੁਰ ਅਤੇ ਗ੍ਰੰਥੀ ਸਭਾ ਦੇ ਪ੍ਰਧਾਨ ਬਾਬਾ ਵਿਰਸਾ ਸਿੰਘ ਚਮਿਆਰੀ ਨੇ ਦਸਤਾਰ ਦੀ ਮਹੱਤਤਾ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਦਸਤਾਰ ਸਿੱਖ ਦੀ ਵਿਲੱਖਣ ਪਛਾਣ ਅਤੇ ਸਿੱਖਾਂ ਦੇ ਸਿਰ ਦਾ ਤਾਜ ਹੈ। ਉਨ੍ਹਾਂ ਕਿਹਾ ਕਿ ਦਸਤਾਰ ਪ੍ਰਤੀ ਚੇਤਨਾ ਪੈਦਾ ਕਰਨਾ ਵੀ ਅੱਜ ਦੇ ਸਮੇਂ ਦੀ ਲੋੜ ਬਣ ਗਿਆ ਹੈ।

ਦੱਸਣਯੋਗ ਹੈ ਕਿ ਇਹ ਚੇਤਨਾ ਮਾਰਚ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਚਮਿਆਰੀ ਤੋਂ ਸਵੇਰੇ ਆਰੰਭ ਹੋ ਕੇ ਪਿੰਡ ਭੂਰੇ ਗਿੱਲ, ਦਿਆਲਪੁਰ, ਨਾਨੋਕੇ, ਸੁਧਾਰ, ਡਿਆਲ ਭੜੰਗ, ਫਤਹਿਗੜ੍ਹ ਚੂੜੀਆਂ ਤੋਂ ਹੁੰਦਾ ਹੋਇਆ ਇਤਿਹਾਸਕ ਕਸਬਾ ਰਮਦਾਸ ਵਿਖੇ ਅਰਦਾਸ ਕਰਨ ਉਪਰੰਤ ਮੁੜ ਚਮਿਆਰੀ ਪਹੁੰਚ ਕੇ ਸਮਾਪਤ ਹੋਇਆ। ਇਸ ਦੌਰਾਨ ਵੱਖ-ਵੱਖ ਨਗਰਾਂ ਤੋਂ ਆਏ ਸੈਂਕੜੇ ਨੌਜਵਾਨਾਂ ਤੇ ਸਕੂਲੀ ਵਿਦਿਆਰਥੀਆਂ ਨੇ ਰੰਗ-ਬਰੰਗੀਆਂ ਦਸਤਾਰਾਂ ਸਜਾ, ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਇਸ ਮਾਰਚ ਵਿਚ ਸ਼ਮੂਲੀਅਤ ਕੀਤੀ।

ਇਸ ਮੌਕੇ ਭਾਈ ਜੋਰਾਵਰ ਸਿੰਘ ਅਜਨਾਲਾ, ਸ. ਮਨਜੀਤ ਸਿੰਘ ਬਾਠ, ਸ. ਕਾਬਲ ਸਿੰਘ ਸ਼ਾਹਪੁਰ, ਸ. ਸਰਵਣ ਸਿੰਘ, ਸ. ਗੁਰਵਿੰਦਰ ਸਿੰਘ, ਸ. ਅਮਰ ਸਿੰਘ, ਸ. ਪ੍ਰਭਦੀਪ ਸਿੰਘ ਸੋਹਲ, ਪ੍ਰਚਾਰਕ ਭਾਈ ਹਿੰਮਤਬੀਰ ਸਿੰਘ, ਬਾਬਾ ਸਰਬਜੀਤ ਸਿੰਘ ਡਿਆਲ ਭੜੰਗ, ਸ. ਰਾਮ ਸਿੰਘ, ਸ. ਹਰਦੇਵ ਸਿੰਘ ਸਰਪੰਚ ਅਤੇ ਵੱਡੀ ਗਿਣਤੀ ਇਲਾਕੇ ਦੀਆਂ ਸੰਗਤਾਂ ਅਤੇ ਵਿਦਿਆਰਥੀਆਂ ਨੇ ਇਸ ਮਾਰਚ ਵਿਚ ਸ਼ਮੂਲੀਅਤ ਕੀਤੀ।

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਭਾਈ ਘਨ੍ਹੱਈਆ ਜੀ ਦੇ ਅਕਾਲ ਚਲਾਣੇ ਦੀ 300 ਸਾਲਾ ਸ਼ਤਾਬਦੀ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਭਾਈ ਘਨ੍ਹੱਈਆ ਜੀ ਦੇ ਜੀਵਨ ਇਤਿਹਾਸ ਸਬੰਧੀ ਪੁਸਤਕ ਪ੍ਰਕਾਸ਼ਤ ਕਰੇਗੀ -ਭਾਈ ਲੌਂਗੋਵਾਲ

## ਸੇਵਾ ਤੇ ਸਿਮਰਨ ਦੇ ਸਿਧਾਂਤ ਨੂੰ ਸਮਝਣ ਲਈ ਭਾਈ ਘਨ੍ਹੱਈਆ ਜੀ ਦਾ ਜੀਵਨ ਪ੍ਰੇਰਨਾ ਸਰੋਤ -ਗਿਆਨੀ ਗੁਰਬਚਨ ਸਿੰਘ



ਸ੍ਰੀ ਅਨੰਦਪੁਰ ਸਾਹਿਬ- ਦੁਸ਼ਮਣ ਮਿੱਤਰ ਦੇ ਭੇਦ-ਭਾਵ ਤੋਂ ਉਪਰ ਉੱਠ ਕੇ ਸਭ ਨੂੰ ਸਮ-ਦ੍ਰਿਸ਼ਟੀ ਨਾਲ ਦੇਖਣ ਵਾਲੇ ਸਿੱਖ ਇਤਿਹਾਸ ਦੇ ਅਹਿਮ ਪਾਤਰ ਭਾਈ ਘਨ੍ਹੱਈਆ ਜੀ ਦੇ ਅਕਾਲ ਚਲਾਣੇ ਦੀ 300 ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਦਸਮੇਸ਼ ਦੀਵਾਨ ਹਾਲ ਵਿਚ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਭਾਈ ਘਨ੍ਹੱਈਆ ਜੀ ਉੱਚ ਇਖ਼ਲਾਕੀ ਜੀਵਨ ਵਾਲੀ ਮਹਾਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਅਦੁੱਤੀ ਤੇ ਨਿਸ਼ਕਾਮ ਸੇਵਾ ਰਾਹੀਂ ਇਕ ਮਿਸਾਲ ਕਾਇਮ ਕੀਤੀ। ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਘਨ੍ਹੱਈਆ ਜੀ ਦੇ ਜੀਵਨ ਇਤਿਹਾਸ 'ਤੇ ਖੋਜ ਕਾਰਜ ਕਰਵਾ ਕੇ ਇਕ ਪੁਸਤਕ ਪ੍ਰਕਾਸ਼ਤ ਕੀਤੀ ਜਾਵੇਗੀ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਨੂੰ ਸਮਝ ਕੇ ਅਗਵਾਈ ਲੈ ਸਕਣ। ਭਾਈ ਲੌਂਗੋਵਾਲ ਨੇ ਇਸ ਮੌਕੇ ਹਾਜ਼ਰ ਸੇਵਾ ਪੰਥੀ ਸੰਪਰਦਾ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਭਾਈ ਘਨ੍ਹੱਈਆ ਜੀ ਦੀ ਸਾਲਾਨਾ ਬਰਸੀ ਨੂੰ ਹਰ ਸਾਲ ਮਨਾਉਣ ਸਮੇਂ ਸ਼੍ਰੋਮਣੀ ਕਮੇਟੀ ਹਰ ਤਰ੍ਹਾਂ ਦਾ ਸਹਿਯੋਗ ਦੇਵੇਗੀ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਸਾਨੂੰ ਸੇਵਾ ਤੇ ਸਿਮਰਨ ਦੇ ਸਿਧਾਂਤ ਨੂੰ ਸਮਝਣ ਲਈ ਭਾਈ ਘਨ੍ਹੱਈਆ ਜੀ ਦਾ ਜੀਵਨ ਸਮਝਣਾ ਪਵੇਗਾ। ਉਨ੍ਹਾਂ ਸਮੁੱਚੇ ਖ਼ਾਲਸਾ ਪੰਥ ਨੂੰ ਭਾਈ ਘਨ੍ਹੱਈਆ ਜੀ ਦੇ ਜੀਵਨ ਤੋਂ ਸੇਧ ਲੈ ਕੇ ਕੌਮੀ ਇੱਕਜੁੱਟਤਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਸਮਾਗਮ ਦੌਰਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਭਾਈ ਘਨ੍ਹੱਈਆ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਂਦਿਆਂ ਗੁਰਮਤਿ ਜੁਗਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਸਾਬਕਾ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸੇਵਾ ਪੰਥੀ ਮਹੰਤ ਕਾਹਨ ਸਿੰਘ ਗੋਨੇਆਣਾ, ਮਹੰਤ ਕਰਮਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਪ੍ਰਿੰਸੀਪਲ ਸੁਰਿੰਦਰ ਸਿੰਘ ਨੇ ਵੀ ਸੰਗਤਾਂ ਨਾਲ ਭਾਈ ਘਨ੍ਹੱਈਆ ਜੀ ਦੀ ਘਾਲਣਾ ਸਬੰਧੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਅਤੇ ਲੋਈ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ, ਭਾਈ ਓਂਕਾਰ ਸਿੰਘ, ਭਾਈ ਸੰਦੀਪ ਸਿੰਘ ਅਤੇ ਤਖ਼ਤ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਦੱਸਣਯੋਗ ਹੈ ਕਿ ਯਮੁਨਾ ਨਗਰ ਤੋਂ ਸੇਵਾ ਪੰਥੀ ਸੰਪਰਦਾ ਵੱਲੋਂ ਬੀਤੇ ਦਿਨਾਂ ਤੋਂ ਆਰੰਭ ਕੀਤਾ ਗਿਆ ਵਿਸ਼ਾਲ ਨਗਰ ਕੀਰਤਨ ਵੱਖ-ਵੱਖ ਸੂਬਿਆਂ ਦੇ ਸ਼ਹਿਰਾਂ ਨਗਰਾਂ ਤੋਂ ਹੁੰਦਾ ਹੋਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੰਪੰਨ ਹੋਇਆ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਫੂਲਾ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਬੀਬੀ ਰਣਜੀਤ ਕੌਰ ਮਾਹਲਪੁਰ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਦਰਸ਼ਨ ਸਿੰਘ ਪੀ.ਏ., ਨਿਹੰਗ ਜਥੇਬੰਦੀ ਬੁੱਢਾ ਦਲ ਵੱਲੋਂ ਬਾਬਾ ਜੱਸਾ ਸਿੰਘ, ਬਾਬਾ ਬਿਧੀਚੰਦ ਸੰਪ੍ਰਦਾਇ ਸੁਰਸਿੰਘ ਵੱਲੋਂ ਬਾਬਾ ਨਿਹਾਲ ਸਿੰਘ, ਬਾਬਾ ਜਰਨੈਲ ਸਿੰਘ, ਬਾਬਾ ਹਰਦੇਵ ਸਿੰਘ ਜੌਹਲਾਂ ਵਾਲੇ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਰਣਜੀਤ ਸਿੰਘ ਗੋਨੇਆਣਾ, ਬਾਬਾ ਪ੍ਰਿਤਪਾਲ ਸਿੰਘ, ਬਾਬਾ ਸੁਰਿੰਦਰ ਸਿੰਘ ਮਿੱਠਾ ਟਿਵਾਣਾ, ਬਾਬਾ ਜਗਦੇਵ ਸਿੰਘ ਰਿਵਾੜੀ, ਬਾਬਾ ਗਜਬ ਸਿੰਘ, ਬਾਬਾ ਮਹਿੰਦਰ ਸਿੰਘ ਦਿੱਲੀ, ਬਾਬਾ ਚਮਕੌਰ ਸਿੰਘ, ਬਾਬਾ ਕੁਲਦੀਪ ਸਿੰਘ ਪਾਉਂਟਾ ਸਾਹਿਬ, ਬਾਬਾ ਸਤਨਾਮ ਸਿੰਘ ਪਾਣੀਪਤ, ਬਾਬਾ ਵਰਿੰਦਰ ਸਿੰਘ ਮਾਛੀਵਾੜਾ, ਬਾਬਾ ਹਰਨਾਮ ਸਿੰਘ ਕਲਾਨੌਰ, ਬਾਬਾ ਜਸਕਰਨ ਸਿੰਘ, ਬਾਬਾ ਸੁੰਦਰ ਸਿੰਘ ਪਟਿਆਲਾ, ਬਾਬਾ ਜਸਪਾਲ ਸਿੰਘ ਨਿਰਮਲਕੁਟੀਆ, ਬਾਬਾ ਰਾਮ ਸਿੰਘ ਸੀਂਘਣੇ ਵਾਲੇ, ਬਾਬਾ ਸੰਤੋਖ ਸਿੰਘ, ਸ. ਹਰਜੀਤ ਸਿੰਘ, ਡਾ. ਖੁਸ਼ਹਾਲ ਸਿੰਘ, ਸ. ਹਰਦੇਵ ਸਿੰਘ, ਸ. ਰਣਬੀਰ ਸਿੰਘ, ਸ. ਜਸਬੀਰ ਸਿੰਘ ਮੈਨੇਜਰ ਸਮੇਤ ਸੰਗਤਾਂ ਮੌਜੂਦ ਸਨ।




## ਸ਼੍ਰੋਮਣੀ ਕਮੇਟੀ ਵੱਲੋਂ ਊਧਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪਰਬ ਨੂੰ ਸਮਰਪਿਤ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਡਿਸਟ੍ਰਿਕ ਗੁਰਦੁਆਰਾ ਪ੍ਰਬੰਧਕ ਕਮੇਟੀ ਊਧਮਪੁਰ ਦੇ ਸਹਿਯੋਗ ਨਾਲ ਗੁਰਦੁਆਰਾ ਸਿੰਘ ਸਭਾ ਊਧਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ੇਸ਼ ਗੁਰਮਤ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ ਅਤੇ ਗੁਰੂ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 23 ਫਰਵਰੀ ਵਿਚ ਜੰਮੂ ਕਸ਼ਮੀਰ ਤੋਂ ਸਜਾਏ ਜਾ ਰਹੇ ਮਹਾਨ ਨਗਰ ਕੀਰਤਨ ਵਿਚ ਵੱਧ ਤੋਂ ਵੱਧ ਸ਼ਮੂਲੀਅਤ ਲਈ ਪ੍ਰੇਰਿਆ। ਇਸ ਮੌਕੇ ਜਥੇਦਾਰ ਜੱਲ੍ਹਾ ਨੇ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਤਰਫੋਂ ਢਾਈ ਲੱਖ ਰੁਪਏ ਦੀ ਸਹਾਇਤਾ, ਲਾਇਬ੍ਰੇਰੀ, ਤਬਲਾ ਤੇ ਹਰਮੋਨੀਅਮ ਸੈੱਟ ਅਤੇ ਚੰਦੋਆ ਸਾਹਿਬ ਦੇਣ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਾਣ ਕਰਵਾਇਆ ਅਤੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਗਿਆਨੀ ਸਵਰਨ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਅਤੇ ਮੀਤ ਸਕੱਤਰ ਸ. ਤਜਿੰਦਰ ਸਿੰਘ ਪੱਡਾ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਿਸਟ੍ਰਿਕ ਗੁਰਦੁਆਰਾ ਪ੍ਰਬੰਧਕ ਕਮੇਟੀ ਊਧਮਪੁਰ ਦੇ ਪ੍ਰਧਾਨ ਸ. ਸਤਵਿੰਦਰ ਸਿੰਘ, ਸੱਕਤਰ ਸ. ਨਰਦੀਪ ਸਿੰਘ, ਸ. ਰਨਜੀਤ ਸਿੰਘ, ਸ. ਗੁਰਮੀਤ ਸਿੰਘ, ਸ. ਹਰਪ੍ਰੀਤ ਸਿੰਘ, ਸ. ਭੁਪਿੰਦਰ ਸਿੰਘ, ਸ. ਸੁਰਜੀਤ ਸਿੰਘ, ਸ. ਤਰਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

## ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 118 ਪ੍ਰਾਣੀਆਂ ਅੰਮ੍ਰਿਤਪਾਨ ਕੀਤਾ



ਬਟਾਲਾ- ਪਹਿਲੇ ਪਾਤਸ਼ਾਹ ਜਗਤ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲਖੱਣੀ ਜੀ ਦੇ 531ਵੇਂ ਵਿਆਹ ਪੁਰਬ ਦੀ ਖੁਸ਼ੀ ਵਿਚ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਵਿਸ਼ੇਸ ਜਤਨ ਨਾਲ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਿਆਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ 118 ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ। ਅੰਮ੍ਰਿਤ ਅਭਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਾਰ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਜਥੇਦਾਰ ਗੁਰਨਾਮ ਸਿੰਘ ਜੱਸਲ, ਸ. ਕੁਲਵੰਤ ਸਿੰਘ ਜ਼ਫਰਵਾਲ ਮੈਨੇਜਰ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਨੇ ਪੰਜ ਪਿਆਰੇ ਸਾਹਿਬਾਨ ਨੂੰ ਸਨਮਾਨਿਤ ਕੀਤਾ। ਇਸ ਮੌਕੇ ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਭਾਈ ਬਲਵੰਤ ਸਿੰਘ ਐਨੇਕੋਟ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ, ਭਾਈ ਗੁਰਨਾਮ ਸਿੰਘ ਪ੍ਰਚਾਰਕ, ਭਾਈ ਜਸਮੇਰ ਸਿੰਘ ਗ੍ਰੰਥੀ, ਭਾਈ ਗੁਰਵਿੰਦਰ ਸਿੰਘ ਗ੍ਰੰਥੀ, ਪ੍ਰੇਮ ਸਿੰਘ ਜੈਤੋਸਰਜਾ, ਸ. ਮਲਕੀਅਤ ਸਿੰਘ ਹੈਪੀ, ਸ. ਮਨਜੀਤ ਸਿੰਘ ਜ਼ਫ਼ਰਵਾਲ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਐਡਵੋਕੇਟ ਰਜਿੰਦਰ ਸਿੰਘ ਪਦਮ ਆਦਿ ਹਾਜ਼ਰ ਸਨ।



ਪਿੰਡ ਅਵਨ ਦੇ ਰਵਿੰਦਰਾ ਪਬਲਿਕ ਸਕੂਲ ਵਿਖੇ ਗੁਰਮਤਿ ਕਲਾਸ ਲੈਂਦੇ ਹੋਏ ਬੀਬੀ ਰਾਜਬੀਰ ਕੌਰ।

# ਸ਼੍ਰੋਮਣੀ ਕਮੇਟੀ ਵਲੋਂ ਛੇਵਾਂ ਗੁਰਬਾਣੀ ਪਾਠ ਬੋਧ ਸਮਾਗਮ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਤਖ਼ਤੂਪੁਰਾ ਵਿਖੇ ਸਮਾਪਤ




ਨਿਹਾਲ ਸਿੰਘ ਵਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਲੋਂ ਪੰਜਾਬ ਭਰ 'ਚ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਉਚਾਰਨ ਦੀ ਜਾਣਕਾਰੀ ਦੇਣ ਲਈ ਆਰੰਭੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਤਹਿਤ ਮਾਲਵੇ ਦੀ ਤਿੰਨ ਪਾਤਸ਼ਾਹੀਆਂ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਧਰਤੀ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਤਖ਼ਤੂਪੁਰਾ (ਮੋਗਾ) ਵਿਖੇ 1 ਅਗਸਤ ਨੂੰ ਸ਼ੁਰੂ ਹੋਏ ਛੇਵੇਂ ਪਾਠ ਬੋਧ ਸਮਾਗਮਾਂ ਦੀ ਸਮਾਪਤੀ 'ਤੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਲੋਂ ਅਰਦਾਸ ਕੀਤੀ ਗਈ। ਇਸ ਸਮਾਗਮ ਵਿਚ 142 ਗ੍ਰੰਥੀ ਸਿੰਘਾਂ, 251 ਅਖੰਡ ਪਾਠੀ ਸਿੰਘਾਂ ਅਤੇ 183 ਹੋਰ ਸਿੱਖਿਆਰਥੀਆਂ ਨੇ ਲਗਾਤਾਰ ਇਕ ਮਹੀਨਾ 7 ਦਿਨ ਤੱਕ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਹਾਸਲ ਕੀਤੀ।

ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 320 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ ਜਿਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵਲੋਂ ਕਕਾਰ ਮੁਫ਼ਤ ਦਿੱਤੇ ਗਏ। ਇਸ ਮੌਕੇ ਅੰਮ੍ਰਿਤ ਸੰਚਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜ ਪਿਆਰੇ ਸਹਿਬਾਨ ਵਲੋਂ ਕਰਵਾਇਆ ਗਿਆ। ਇਨ੍ਹਾਂ ਸਮਾਗਮਾਂ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਤੇ ਜਥੇਦਾਰ ਜਗਰਾਜ ਸਿੰਘ ਦੌਧਰ, ਸ. ਮੇਜਰ ਸਿੰਘ ਢਿੱਲੋਂ, ਸ. ਕੇਵਲ ਸਿੰਘ ਐਡੀਸ਼ਨਲ ਸਕੱਤਰ ਸ਼੍ਰੋਮਣੀ ਕਮੇਟੀ, ਗਿਆਨੀ ਜਸਵਿੰਦਰ ਸਿੰਘ ਸ਼ਹੂਰ, ਗਿਆਨੀ ਪਰਮਿੰਦਰ ਸਿੰਘ, ਗਿਆਨੀ ਹੀਰਾ ਸਿੰਘ, ਗਿਆਨੀ ਗੁਰਬਚਨ ਸਿੰਘ, ਗਿਆਨੀ ਜਗਦੇਵ ਸਿੰਘ, ਜਥੇਦਾਰ ਪ੍ਰੀਤਮ ਸਿੰਘ ਕੁੱਸਾ, ਪ੍ਰਚਾਰਕ ਜੱਜ ਸਿੰਘ, ਭਾਈ ਹਰਨੇਕ ਸਿੰਘ, ਮੈਨੇਜਰ ਭਾਈ ਰਜਿੰਦਰ ਸਿੰਘ ਆਦਿ ਨੇ ਸੰਗਤਾਂ ਨਾਲ ਸਿੱਖ ਇਤਿਹਾਸ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਯਤਨ ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਸਿੱਖਿਆ ਦੇਣ ਵਿਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਲਈ ਗੁਰਬਾਣੀ ਦੀ ਸੰਥਿਆ ਲੈਣਾ ਅਤੀ ਜ਼ਰੂਰੀ ਹੈ। ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਸ਼ੁਰੂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਮਹੱਤਵਪੂਰਨ ਅਤੇ ਲਾਹੇਵੰਦ ਸਾਬਤ ਹੋ ਰਿਹਾ ਹੈ।

ਇਸ ਮੌਕੇ ਸੰਥਿਆ ਹਾਸਲ ਕਰਨ ਵਾਲੇ 142 ਗ੍ਰੰਥੀ ਸਿੰਘਾਂ, 251 ਅਖੰਡ ਪਾਠੀ ਸਿੰਘਾਂ ਨੂੰ ਸ਼੍ਰੋਮਣੀ ਕਮੇਟੀ ਵਲੋਂ 5100-5100 ਰੁਪਏ ਦੀ ਰਾਸ਼ੀ, ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਲੋਕਲ ਕਮੇਟੀ ਦੇ ਪ੍ਰਧਾਨ ਕਰਨੈਲ ਸਿੰਘ, ਮੈਨੇਜਰ ਭਾਈ ਰਾਜਿੰਦਰ ਸਿੰਘ, ਭੋਲਾ ਸਿੰਘ ਇੰਚਾਰਜ, ਬਲਜਿੰਦਰ ਸਿੰਘ ਪੱਤੋ ਸਮੇਤ ਵੱਡੀ ਗਿਣਤੀ 'ਚ ਹਲਕੇ ਦੀਆਂ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਸ਼ਿਲਾਂਗ ਲਈ ਐਲਾਨੀ ਸਹਾਇਤਾ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਨੇ ਸਬੰਧਤਾਂ ਨੂੰ ਵੰਡੀ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ਼ਿਲਾਂਗ ਦੇ ਗੁਰਦੁਆਰਾ ਸਾਹਿਬਾਨ ਅਤੇ ਹੋਰਨਾਂ ਲਈ ਐਲਾਨ ਕੀਤੀ ਸਹਾਇਤਾ ਰਾਸ਼ੀ ਸ਼ਿਲਾਂਗ ਭੇਜੇ ਗਏ ਇੱਕ ਵਫ਼ਦ ਵੱਲੋਂ ਸਬੰਧਤਾਂ ਨੂੰ ਸੌਂਪ ਦਿੱਤੀ ਗਈ ਹੈ। ਬੀਤੇ ਸਮੇਂ 'ਚ ਮੇਘਾਲਿਆ ਦੀ ਰਾਜਧਾਨੀ ਸ਼ਿਲਾਂਗ ਵਿਖੇ ਸਥਾਨਕ ਖਾਸੀ ਲੋਕਾਂ ਨੇ ਸਿੱਖਾਂ ਤੇ ਪੰਜਾਬੀਆਂ ਦੀ ਇੱਕ ਕਾਲੋਨੀ 'ਤੇ ਹਮਲਾ ਕਰਕੇ ਸਾੜ ਫੂਕ ਕੀਤੀ ਸੀ, ਜਿਸ ਤੋਂ ਸ਼੍ਰੋਮਣੀ ਕਮੇਟੀ ਵੱਲੋਂ ਸਾਰੇ ਹਲਾਤਾਂ ਤੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਇੱਕ ਵਫ਼ਦ ਸ਼ਿਲਾਂਗ ਭੇਜਿਆ ਗਿਆ ਸੀ। ਇਸ ਵਫ਼ਦ ਵੱਲੋਂ ਸਿੱਖਾਂ ਦੀ ਮੱਦਦ ਲਈ ਜਿਥੇ ਮੁੱਖ ਮੰਤਰੀ, ਗ੍ਰਹਿ ਮੰਤਰੀ, ਡਿਪਟੀ ਕਮਿਸ਼ਨਰ ਤੇ ਹੋਰਾਂ ਨਾਲ ਮੁਲਾਕਾਤ ਕਰ ਕੇ ਹਾਲਾਤ ਕਾਬੂ ਕਰਨ ਲਈ ਕਿਹਾ ਗਿਆ ਸੀ, ਉਥੇ ਹੀ ਸਥਾਨਕ ਗੁਰਦੁਆਰਾ ਬੜਾ ਬਜ਼ਾਰ ਲਈ 10 ਲੱਖ ਰੁਪਏ ਅਤੇ ਪ੍ਰਭਾਵਤਾਂ ਨੂੰ ਵਿੱਤੀ ਸਹਾਇਤਾ ਦੇਣ ਦਾ ਫੈਸਲਾ ਕੀਤਾ ਸੀ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਇਸੇ ਸਾਲ ਮਈ ਮਹੀਨੇ ਵਿਚ ਸ਼ਿਲਾਂਗ ਵਿਖੇ ਸਥਾਨਕ ਖਾਸੀ ਲੋਕਾਂ ਵੱਲੋਂ ਸਿੱਖਾਂ ਤੇ ਪੰਜਾਬੀਆਂ 'ਤੇ ਕੀਤੇ ਗਏ ਹਮਲੇ ਤੋਂ ਬਾਅਦ ਮੇਘਾਲਿਆ ਪਹੁੰਚੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਨੇ ਆਪਣੀ ਰਿਪੋਰਟ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸੌਂਪ ਦਿੱਤੀ ਸੀ, ਜਿਸ ਵਿਚ ਇੱਕ ਗੁਰਦੁਆਰਾ ਸਾਹਿਬ ਸਮੇਤ ਕੁਝ ਪ੍ਰਵਾਵਿਤਾਂ ਨੂੰ ਸਹਾਇਤਾ ਦੇਣ ਅਤੇ ਗੁਰੂ-ਘਰਾਂ ਲਈ ਕੀਰਤਨ ਵਾਸਤੇ ਸਾਜ਼ ਦੇਣ ਦੀ ਸਿਫ਼ਾਰਸ਼ ਕੀਤੀ ਸੀ। ਇਸੇ ਤਹਿਤ ਹੀ ਸ਼ਿਲਾਂਗ ਵਿਖੇ ਸਹਾਇਤਾ ਪਹੁੰਚਾਈ ਗਈ ਹੈ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਸਮੇਤ ਸ਼੍ਰੋਮਣੀ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ ਅਤੇ ਸ. ਦੀਪਇੰਦਰ ਸਿੰਘ ਇੰਚਾਰਜ ਨੇ ਖ਼ੁਦ ਸ਼ਿਲਾਂਗ ਜਾ ਕੇ ਐਲਾਨ ਕੀਤੀ ਸਹਾਇਤਾ ਸਬੰਧਤਾਂ ਨੂੰ ਦਿੱਤੀ ਹੈ। ਸਹਾਇਤਾ ਦੇ ਵੇਰਵੇ ਦਿੰਦਿਆਂ ਸ. ਬੇਦੀ ਨੇ ਦੱਸਿਆ ਕਿ ਸ਼ਿਲਾਂਗ ਦੇ ਗੁਰਦੁਆਰਾ ਬੜਾ ਬਜ਼ਾਰ ਲਈ 10 ਲੱਖ ਰੁਪਏ, ਸ. ਸਰੂਪ ਸਿੰਘ ਨੂੰ 2 ਲੱਖ ਰੁਪਏ, ਅੰਸ ਸ਼ੇਰ ਗਿੱਲ ਨੂੰ 2 ਲੱਖ ਰੁਪਏ ਅਤੇ ਬਿੱਟੂ ਸਿੰਘ ਨੂੰ 50 ਹਜ਼ਾਰ ਰੁਪਏ ਦਿੱਤੇ ਗਏ। ਇਸ ਤੋਂ ਇਲਾਵਾ ਪੰਜ ਬੱਚੀਆਂ ਨੂੰ 21-21 ਹਜ਼ਾਰ ਰੁਪਏ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹਮਲੇ ਸਮੇਂ ਹਮਲਾਕਾਰੀਆਂ ਨੇ ਅੰਸ ਸ਼ੇਰ ਗਿੱਲ ਦੇ ਸ਼ੋਰੂਮ ਅਤੇ ਸਰੂਪ ਸਿੰਘ ਦੇ ਮਕਾਨ ਨੂੰ ਸਾੜ ਦਿੱਤਾ ਸੀ।

# ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ ਲਈ ਫਸਟ ਏਡ ਟ੍ਰੇਨਿੰਗ ਕੈਂਪ ਲਗਾਇਆ

## ਸਿੱਖਾਂ ਨੂੰ ਵਿਰਾਸਤ 'ਚੋਂ ਮਿਲੀ ਹੈ ਮਨੁੱਖਤਾ ਦੀ ਸੇਵਾ -ਗਿਆਨੀ ਗੁਰਬਚਨ ਸਿੰਘ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਭਾਈ ਘਨੱਈਆ ਜੀ ਦੀ 300 ਸਾਲਾ ਬਰਸੀ ਨੂੰ ਸਮਰਪਿਤ ਸਕੂਲਾਂ, ਕਾਲਜਾਂ ਦੇ ਸਟਾਫ ਤੇ ਵਿਦਿਆਰਥੀਆਂ ਨੂੰ ਫਸਟ ਏਡ ਸਬੰਧੀ ਜਾਗਰੂਕ ਕਰਨ ਲਈ ਭਾਈ ਘਨੱਈਆ ਜੀ ਚੈਰਿਟੀ ਐਂਡ ਪੀਸ ਇੰਟਰਨੈਸ਼ਨਲ ਫਾਊਂਡੇਸ਼ਨ ਅੰਮ੍ਰਿਤਸਰ ਦੇ ਸਹਿਯੋਗ ਨਾਲ ਸਥਾਨਕ ਭਾਈ ਗੁਰਦਾਸ ਹਾਲ ਵਿਖੇ ਲਗਾਏ ਦੋ ਦਿਨਾ ਟ੍ਰੇਨਿੰਗ ਕੈਂਪ ਦੀ ਸਮਾਪਤੀ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਸ਼ਿਰਕਤ ਕੀਤੀ। ਇਸ ਮੌਕੇ ਗਿਆਨੀ ਗੁਰਬਚਨ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸੜਕ ਹਾਦਸਿਆਂ ਅਤੇ ਆਮ ਜਨ ਜੀਵਨ ਵਿਚ ਵਾਪਰਦੀਆਂ ਘਟਨਾਵਾਂ ਸਮੇਂ ਦਿੱਤੀ ਜਾਣ ਵਾਲੀ ਮੁੱਢਲੀ ਸਹਾਇਤਾ ਲਈ ਸਕੂਲਾਂ-ਕਾਲਜਾਂ ਦੇ ਸਟਾਫ ਤੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣਾ ਨਿਰਸੰਦੇਹ ਇੱਕ ਸਾਰਥਿਕ ਯਤਨ ਹੈ ਅਤੇ ਇਸ ਕਾਰਜ ਲਈ ਸ਼੍ਰੋਮਣੀ ਕਮੇਟੀ ਤੇ ਭਾਈ ਘਨ੍ਹਈਆ ਜੀ ਸੁਸਾਇਟੀ ਵਧਾਈ ਦੀ ਹੱਕਦਾਰ ਹੈ। ਉਨ੍ਹਾਂ ਇਤਿਹਾਸ ਦੇ ਹਵਾਲੇ ਨਾਲ ਕਿਹਾ ਕਿ ਮਨੁੱਖਤਾ ਦੀ ਸੇਵਾ ਸਿੱਖਾਂ ਨੂੰ ਵਿਰਾਸਤ ਵਿੱਚੋਂ ਮਿਲੀ ਹੈ ਅਤੇ ਭਾਈ ਘਨੱਈਆ ਜੀ ਇਸ ਦੀ ਇੱਕ ਉਘੜਵੀਂ ਮਿਸਾਲ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਨਿੱਕੀਆਂ ਨਿੱਕੀਆਂ ਘਟਨਾਵਾਂ ਸਾਡੇ ਰੋਜ਼ਮਰਾ ਦੇ ਜੀਵਨ ਵਿਚ ਅਕਸਰ ਵਾਪਰਦੀਆਂ ਰਹਿੰਦੀਆਂ ਹਨ ਅਤੇ ਜੇਕਰ ਅਸੀਂ ਮੁੱਢਲੀ ਸਹਾਇਤਾ ਸਬੰਧੀ ਸੁਚੇਤ ਹੋਵਾਂਗੇ ਤਾਂ ਸਮਾਂ ਰਹਿੰਦੇ ਕਿਸੇ ਦੀ ਮੱਦਦ ਕਰਕੇ ਹੋਣ ਵਾਲੇ ਨੁਕਸਾਨ ਤੋਂ ਉਸ ਨੂੰ ਬਚਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸਿੱਖ ਕੌਮ ਵੱਲੋਂ ਭਾਈ ਘਨ੍ਹਈਆ ਜੀ ਦੀ 300 ਸਲਾ ਬਰਸੀ ਨੂੰ ਸਮਰਪਿਤ ਉਨ੍ਹਾਂ ਦੀ ਘਾਲਣਾ ਤੋਂ ਕੌਮ ਨੂੰ ਜਾਣੂ ਕਰਵਾਉਣ ਲਈ ਅਜਿਹੇ ਉਪਰਾਲੇ ਜਰੂਰੀ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਕਾਰਜਸ਼ੀਲ ਰਹੀ ਹੈ ਅਤੇ ਜਿਥੇ ਵੀ ਕਿਤੇ ਮਨੁੱਖਤਾ ਨੂੰ ਸਹਾਇਤਾ ਦੀ ਲੋੜ ਪਈ ਸ਼੍ਰੋਮਣੀ ਕਮੇਟੀ ਨੇ ਅੱਗੇ ਹੋ ਕੇ ਜਿੰਮੇਵਾਰੀ ਨਿਭਾਈ।

ਇਸ ਕੈਂਪ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੂਲਾਂ ਨਾਲ ਸਬੰਧਤ 150 ਅਧਿਆਪਕਾਂ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਨ੍ਹਾਂ ਨੂੰ ਲਗਾਤਾਰ ਦੋ ਦਿਨ ਮਾਹਰਾਂ ਵੱਲੋਂ ਮੁੱਢਲੀ ਸਹਾਇਤਾ ਬਾਰੇ ਵਡਮੁੱਲੀ ਜਾਣਕਾਰੀ ਦਿੱਤੀ। ਮੁੱਢਲੀ ਸਹਾਇਤਾ ਸਬੰਧੀ ਟ੍ਰੇਨਿੰਗ ਦਿੰਦਿਆਂ ਸ੍ਰੀ ਰਾਜਿੰਦਰ ਸੈਣੀ ਅਤੇ ਮੈਡਮ ਰੋਹਿਨੀ ਨੇ ਸੜਕ ਹਾਦਸਿਆਂ ਸਮੇਂ ਦਿੱਤੀ ਜਾਣ ਵਾਲੀ ਮੁੱਢਲੀ ਸਹਾਇਤਾ ਤੋਂ ਇਲਾਵਾ ਨੱਕ ਵਿਚੋਂ ਅਚਾਨਕ ਲਹੂ ਨਿਕਲਣ, ਮਿਰਗੀ ਦੇ ਦੌਰੇ ਪੈਣ, ਅਚਾਨਕ ਅੱਗ ਲੱਗਣ, ਕਰੰਟ ਲੱਗਣ, ਸਿਰ ਵਿਚ ਸੱਟ ਲੱਗਣ, ਪਾਣੀ ਵਿਚ ਡੁੱਬਣ ਆਦਿ ਸਮੇਂ ਲੋੜ ਪੈਂਦੀ ਮੁੱਢਲੀ ਸਹਾਇਤਾ ਦਾ ਪਾਠ ਪੜਾਇਆ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਕੈਂਪ ਦੌਰਾਨ ਸਿਖਿਆ ਪ੍ਰਾਪਤ ਕਰਨ ਵਾਲੇ ਅਧਿਆਪਕ ਤੇ ਵਿਦਿਆਰਥੀ ਅੱਗੇ ਹੋਰਨਾਂ ਨੂੰ ਵੀ ਇਸ ਬਾਰੇ ਜਾਗਰੂਕ ਕਰਨਗੇ। ਭਾਈ ਘਨ੍ਹਈਆ ਜੀ ਸੁਸਾਇਟੀ ਵੱਲੋਂ ਸ. ਮਨਜੀਤ ਸਿੰਘ ਚੇਅਰਮੈਨ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸ. ਅਵਤਾਰ ਸਿੰਘ ਟਰੱਕਾਂ ਵਾਲੇ, ਇੰਡੀਅਨ ਰੈੱਡ ਕਰਾਸ ਸੁਸਾਇਟੀ ਦੇ ਮੈਂਬਰ ਸ੍ਰੀ ਕੇ.ਕੇ. ਸੈਣੀ, ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ, ਭਾਈ ਘਨ੍ਹਈਆ ਸੁਸਾਇਟੀ ਦੇ ਚੇਅਰਮੈਨ ਸ. ਮਨਜੀਤ ਸਿੰਘ, ਪ੍ਰਿੰਸੀਪਲ ਤਰਨਜੀਤ ਸਿੰਘ, ਸ. ਬਹਾਦਰ ਸਿੰਘ ਸੁਨੇਤ, ਸ. ਸਤਪਾਲ ਸਿੰਘ ਸਿਦਕੀ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਸਤਿੰਦਰਪਾਲ ਸਿੰਘ, ਸ. ਗੁਰਬਖਸ਼ ਸਿੰਘ ਬੱਗਾ, ਸ. ਦਰਸ਼ਨ ਸਿੰਘ ਸਮੇਤ ਹੋਰ ਮੌਜੂਦ ਸਨ।

**ਗੁਰਦੁਆਰਾ ਨਾਨਕ ਦਰਬਾਰ ਨਿਜ਼ਾਮਪੁਰ ਜ਼ਿਲ੍ਹਾ ਕਪੂਰਥਲਾ ਵਿਖੇ ਬੱਚਿਆਂ ਦੇ ਕਰਵਾਏ ਗਏ ਗੁਰਬਾਣੀ ਮੁਕਾਬਲਿਆਂ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਭਾਈ ਗੁਰਮੁਖ ਸਿੰਘ ਪ੍ਰਚਾਰਕ, ਭਾਈ ਪਰੇਮਜੀਤ ਸਿੰਘ ਢੱਡੇ ਅਤੇ ਹੋਰ।**





ਗੁਰਦੁਆਰਾ ਨਰੈਣਸਰ ਸਾਹਿਬ ਪਿੰਡ ਸੰਗੋਜਲਾ (ਕਪੂਰਥਲਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 27 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪਾ: 10ਵੀਂ ਪਿੰਡ ਤਖਤੂਪੁਰਾ (ਮੋਗਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 325 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਸਿੱਖ ਮਿਸ਼ਨ ਜੰਮੂ ਵੱਲੋਂ ਪਿੰਡ ਅਵਧਾਨ ਜ਼ਿਲ੍ਹਾ ਸਾਂਬਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 106 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਸਿੰਘ ਸਜੇ।



ਗੁਰਦੁਆਰਾ ਬਾਰਠ ਸਾਹਿਬ ਪਠਾਨਕੋਟ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 58 ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



ਗੁਰਦੁਆਰਾ ਸਾਹਿਬ ਪਿੰਡ ਕੋਠੇ ਕੌਰ ਸਿੰਘ ਵਾਲੇ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 26 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਸਾਹਿਬ ਪਾ: ਦਸਵੀਂ ਹਨੂਮਾਨ ਗੇਟ ਜਗਾਧਰੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਅੰਮ੍ਰਿਤ ਅਭਿਲਾਖੀਆਂ ਨਾਲ ਪੰਜ ਪਿਆਰੇ ਸਾਹਿਬਾਨ।



ਗੁਰਦੁਆਰਾ ਸਾਹਿਬ ਪਿੰਡ ਰੋੜਾਂਵਾਲੀ ਮੰਡੀ ਜ਼ਿਲ੍ਹਾ ਫਾਜ਼ਿਲਕਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 30 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕੀ।



29 ਸਤੰਬਰ ਨੂੰ ਗੁਰਦੁਆਰਾ ਡੇਰਾ ਭਾਈ ਸਾਲੋ ਜੀ ਮਜੀਠਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 44 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸ਼ਹੀਦ ਨਗਰ ਬੁੱਢਾ ਜੌਹੜ ਗੰਗਾਨਗਰ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 30 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 189 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਰਵਾਲਾ ਮੰਡੀ (ਰਾਜਸਥਾਨ) ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ 84 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਗਜਸਿੰਘਪੁਰ (ਰਾਜਸਥਾਨ) ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ 68 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਬੱਚਿਆਂ ਦੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਅਤੇ ਗੁਰਮਤਿ ਕਲਾਸਾਂ ਦੇ ਦ੍ਰਿਸ਼



ਸਰਾਏ ਜੱਟਾਂ ਤੇ ਸ਼ਾਲਾਪੁਰ ਆਦਿ ਪਿੰਡਾਂ ਵਿਚ ਬੱਚਿਆਂ ਦੇ ਲਗਾਏ ਗੁਰਮਤਿ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕਰਦੇ ਹੋਏ ਭਾਈ ਹਰਜੀਤ ਸਿੰਘ ਪ੍ਰਚਾਰਕ ਤੇ ਹੋਰ।



ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਵਿਦਿਆਰਥੀਆਂ ਨੂੰ ਗੁਰਮਤਿ ਰਹਿਣੀ-ਸਹਿਣੀ ਦੀ ਮਹੱਤਤਾ ਤੋਂ ਜਾਣੂੰ ਕਰਵਾਉਂਦੇ ਹੋਏ।



ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਸੀਨੀ:ਸੈਕੰ: ਸਕੂਲ ਪੱਟੀ ਵਿਖੇ ਧਾਰਮਿਕ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਦੇ ਇਨਾਮ ਦੇਣ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ।



ਅਕਾਲ ਅਕੈਡਮੀ ਭਰਿਆਲ ਲਾਹੜੀ ਵਿਖੇ ਬੱਚਿਆਂ ਨੂੰ ਧਾਰਮਿਕ ਪ੍ਰੀਖਿਆ ਵਿਚ ਭਾਗ ਲੈਣ ਲਈ ਪ੍ਰੇਰਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਹਾਂਸੀ ਵਿਖੇ ਬੱਚਿਆਂ ਦਾ 'ਆਓ ਗੁਰ ਇਤਿਹਾਸ ਜਾਣੀਏ' ਦੇ ਲਏ ਪੇਪਰ ਉਪਰੰਤ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਭਾਈ ਗੁਰਪਾਲ ਸਿੰਘ ਕੁਰੂਕਸ਼ੇਤਰ ਤੇ ਹੋਰ।



ਪਿੰਡ ਗੁਰੂ ਕੀ ਢਾਬ ਵਿਖੇ ਕਰਵਾਏ ਗਏ ਦਸਤਾਰ ਮੁਕਾਬਲੇ ਸਮੇਂ ਬੱਚਿਆਂ ਤੇ ਨੌਜਵਾਨਾਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅਵਤਾਰ ਸਿੰਘ ਤੇ ਹੋਰ।



ਖਨੌਰੀ (ਸੰਗਰੂਰ) ਵਿਖੇ ਗੁਰਮਤਿ ਤੇ ਦਸਤਾਰ ਸਿਖਲਾਈ ਕੈਂਪ ਦੌਰਾਨ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਅਤੇ ਹੋਰ।



ਗੁਰਦੁਆਰਾ ਸਾਹਿਬ ਪਾ: ਨੌਵੀਂ ਹੰਡਿਆਇਆ ਵਿਖੇ ਬੱਚਿਆਂ ਦੀ ਲਗਾਈ ਗਈ ਗੁਰਮਤਿ ਕਾਲਸ ਸਮੇਂ ਪ੍ਰਚਾਰਕ ਭਾਈ ਸਮਰਜੀਤ ਸਿੰਘ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ।



ਕੋਠੇ ਕੌਰ ਸਿੰਘ ਵਾਲੇ ਵਿਖੇ ਬੱਚਿਆਂ ਦੀ ਸ਼ਾਮ ਨੂੰ ਗੁਰਮਤਿ ਸਿਖਲਾਈ ਕਲਾਸ ਦੌਰਾਨ ਸਰਲ ਸ਼ਬਦਾਂ ਵਿਚ ਸਿੱਖੀ ਸਿਧਾਂਤਾਂ ਬਾਰੇ ਸਮਝਾਉਂਦੇ ਹੋਏ ਪ੍ਰਚਾਰਕ ਸਾਹਿਬ।



ਬਠਿੰਡੇ ਦੇ ਪਿੰਡ ਸੰਦੋਹਾ, ਜਗਾ ਰਾਮ ਤੀਰਥ, ਜਗੇਵਾਲਾ, ਸਗੋ ਆਦਿ ਵਿਖੇ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਸਮੇਂ ਸਨਮਾਨਿਤ ਕਰਦੇ ਹੋਏ ਭਾਈ ਗੁਰਜੰਟ ਸਿੰਘ ਹੈਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ ਹੋਰ।



ਪਿੰਡ ਨਵਾਂ ਗਾਉਂ ਹਲਕਾ ਮੂਣਕ ਜ਼ਿਲ੍ਹਾ ਸੰਗਰੂਰ ਵਿਖੇ ਲਗਾਏ ਗਏ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਨ ਸਮੇਂ ਜਥੇ. ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਤੇ ਹੋਰ।



ਪਿੰਡ ਪਾਪੜਾ ਵਿਖੇ ਗੁਰਮਤਿ ਸਿਖਲਾਈ ਕੈਂਪ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਧਾਰਮਿਕ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮ

## ਗੁਰਦੁਆਰਾ ਕੋੜੀ ਵਾਲਾ ਘਾਟ ਯੂ.ਪੀ. ਤੋਂ ਜੈਕਾਰਿਆਂ ਦੀ ਗੂੰਜ 'ਚ ਆਰੰਭ ਹੋਇਆ ਪਹਿਲਾ ਵਿਸ਼ਾਲ ਨਗਰ ਕੀਰਤਨ



ਅੰਮ੍ਰਿਤਸਰ- ਸਿੱਖ ਧਰਮ ਦੇ ਬਾਨੀ, ਮਨੁੱਖਤਾ ਦੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਲੀਕੇ ਗਏ ਵੱਖ-ਵੱਖ ਨਗਰ ਕੀਰਤਨਾਂ ਦੀ ਸ਼ੁਰੂਆਤ ਸੋਮਵਾਰ ਨੂੰ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਲਖੀਮਪੁਰ ਖੀਰੀ 'ਚ ਪੈਂਦੇ ਪਹਿਲੇ ਪਾਤਸ਼ਾਹ ਨਾਲ ਸਬੰਧਤ ਇਤਿਹਾਸਕ ਗੁਰਦੁਆਰਾ ਕੋੜੀ ਵਾਲਾ ਘਾਟ ਤ੍ਰਿਕੁਨੀਆ ਤੋਂ ਹੋਈ ਜੋ ਯੂ.ਪੀ., ਉਤਰਾਂਚਲ, ਹਰਿਆਣਾ ਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਕਸਬਿਆਂ ਤੋਂ ਹੁੰਦਾ ਹੋਇਆ 8 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੰਨ ਹੋਵੇਗਾ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਖ਼ਾਲਸਾਈ ਜਾਹੋ-ਜਲਾਲ ਨਾਲ ਸ਼ੁਰੂ ਹੋਏ ਇਸ ਨਗਰ ਕੀਰਤਨ ਮੌਕੇ ਆਰੰਭਤਾ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕੀਤੀ। ਨਗਰ ਕੀਰਤਨ ਆਰੰਭ ਹੋਣ ਸਮੇਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਪ੍ਰਿਤਪਾਲ ਸਿੰਘ, ਸ. ਅਮਰੀਕ ਸਿੰਘ ਸ਼ਾਹਪੁਰ, ਸ. ਸੁਖਮੀਤ ਸਿੰਘ ਕਾਦੀਆਂ, ਗੁਰਦੁਆਰਾ ਕੋੜੀ ਵਾਲਾ ਘਾਟ ਦੇ ਮੁੱਖ ਪ੍ਰਬੰਧਕ ਬਾਬਾ ਕਾਲਾ ਸਿੰਘ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਹਰਜੀਤ ਸਿੰਘ ਲਾਲੂਘੁੰਮਣ ਅਤੇ ਯੂ.ਪੀ., ਉਤਰਾਖੰਡ ਤੇ ਪੰਜਾਬ ਤੋਂ ਪਹੁੰਚੀਆਂ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ, ਵੱਖ-ਵੱਖ ਸਿੰਘ ਸਭਾਵਾਂ, ਧਾਰਮਿਕ ਸਭਾ-ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ਭਾਈ ਅਜਾਇਬ ਸਿੰਘ ਅਭਿਆਸੀ ਨੇ ਦੱਸਿਆ ਕਿ ਨਗਰ ਕੀਰਤਨ ਪ੍ਰਤੀ ਸੰਗਤ ਵਿਚ ਭਾਰੀ ਉਤਸ਼ਾਹ ਸੀ ਅਤੇ ਵੱਖ-ਵੱਖ ਗੱਤਕਾ ਤੇ ਬੈਂਡ ਪਾਰਟੀਆਂ ਨੇ ਨਗਰ ਕੀਰਤਨ ਦੀ ਸ਼ੋਭਾ ਵਧਾਈ। ਇਸ ਤੋਂ ਇਲਾਵਾ ਸੰਗਤ ਵੱਲੋਂ ਥਾਂ-ਥਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਭਾਈ ਅਭਿਆਸੀ ਨੇ ਦੱਸਿਆ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਪਾਵਨ ਸ਼ਸਤਰਾਂ ਬਸਤਰਾਂ ਵਾਲੀ ਬੱਸ ਵੀ ਨਗਰ ਕੀਰਤਨ ਚੱਲ ਰਹੀ ਹੈ।

ਇਸ ਤੋਂ ਪਹਿਲਾਂ ਐਤਵਾਰ ਰਾਤ ਨੂੰ ਗੁਰਦੁਆਰਾ ਕੋੜੀ ਵਾਲਾ ਘਾਟ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਗਿਆ, ਜਿਸ ਵਿਚ ਸੰਗਤ ਨਾਲ ਵਿਚਾਰਾਂ ਸਾਂਝੀਆਂ ਕਰਦਿਆਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਾਡੇ ਲਈ ਇਹ ਸੁਭਾਗਾ ਸਮਾਂ ਹੈ ਕਿ ਪਹਿਲੇ ਪਾਤਸ਼ਾਹ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਾਡੇ ਜੀਵਨ ਵਿਚ ਆ ਰਿਹਾ ਹੈ। ਉਨ੍ਹਾਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਇਸ ਮੁਬਾਰਕ ਮੌਕੇ 'ਤੇ ਆਪੋ-ਆਪਣੇ ਪਰਿਵਾਰਾਂ ਨੂੰ ਗੁਰੂ ਸਾਹਿਬ ਜੀ ਦੀ ਸਿੱਖਿਆ ਨਾਲ ਜੁੜਨ ਦਾ ਸੁਨੇਹਾ ਦਿੱਤਾ। ਇਸ ਸਮਾਗਮ ਦੌਰਾਨ ਸਿੱਖ ਕੌਮ ਦੇ ਮਹਾਨ ਕੀਰਤਨੀ ਜਥਿਆਂ, ਕਥਾਵਾਚਕਾਂ ਅਤੇ ਢਾਡੀ ਜਥਿਆਂ ਨੇ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

# ਹਲਕਾ ਕਾਲਾ ਅਫਗਾਨਾ ਦੇ ਪਿੰਡ ਧੌਲਪੁਰ ਵਿਖੇ 'ਸਿੱਖੀ ਸਰੂਪ ਮੇਰਾ ਅਸਲੀ ਰੂਪ' ਤਹਿਤ ਗੁਰਮਤਿ ਸਮਾਗਮ



ਬਟਾਲਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਦੇ ਆਦੇਸ਼ਾਂ ਅਨੁਸਾਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਮੈਂਬਰ ਅੰਤ੍ਰਿਗ ਕਮੇਟੀ ਦੀ ਅਗਵਾਈ 'ਚ ਸ਼੍ਰੋਮਣੀ ਕਮੇਟੀ ਹਲਕਾ ਕਾਲਾ ਅਫਗਾਨਾ ਦੇ ਪਿੰਡ ਧੌਲਪੁਰ ਵਿਖੇ ਸਿੱਖੀ ਸਰੂਪ-ਮੇਰਾ ਅਸਲੀ ਰੂਪ ਲਹਿਰ ਦੇ 5ਵੇਂ ਗੇੜ ਤਹਿਤ ਸਮਾਗਮ ਕਰਵਾਇਆ ਗਿਆ, ਜਿਸ 'ਚ 300 ਅੰਮ੍ਰਿਤਧਾਰੀ ਬੀਬੀਆਂ, ਜਿਨ੍ਹਾਂ ਦੇ ਬੱਚਿਆਂ ਨੇ ਕੇਸ ਰੱਖੇ ਹੋਏ ਹਨ, ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਇਸਾਈ ਧਰਮ ਛੱਡ ਕੇ ਅੰਮ੍ਰਿਤਧਾਰੀ ਬਣੇ ਅਜੀਤ ਸਿੰਘ ਤੇ ਰਵਿੰਦਰ ਕੌਰ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿਚ ਨੇੜਲੇ ਕਰੀਬ ਇਕ ਦਰਜਨ ਪਿੰਡਾਂ ਦੀਆਂ ਸੰਗਤਾਂ ਸ਼ਾਮਿਲ ਹੋਈਆਂ, ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ। ਇਸ ਮੌਕੇ ਭਾਈ ਰਣਜੀਤ ਸਿੰਘ ਵੜੈਚ, ਭਾਈ ਮਹਿਤਾਬ ਸਿੰਘ, ਭਾਈ ਸਿਮਰਨਜੀਤ ਸਿੰਘ, ਮੈਨੇਜਰ ਸ. ਮਨਜੀਤ ਸਿੰਘ ਜੌੜਾ ਸਿੰਘਾ, ਭਾਈ ਤਰਸੇਮ ਸਿੰਘ, ਭਾਈ ਜਸਪਾਲ ਸਿੰਘ ਰਿਖੀਆ, ਭਾਈ ਹਰਜਿੰਦਰ ਸਿੰਘ ਦਾਬਾਂਵਾਲ, ਭਾਈ ਗੁਰਦੇਵ ਸਿੰਘ, ਭਾਈ ਪ੍ਰਿਤਪਾਲ ਸਿੰਘ, ਸ. ਗੋਬਿੰਦ ਸਿੰਘ ਬੱਜੂਮਾਨ, ਸ. ਨਰਿੰਦਰ ਸਿੰਘ ਨੰਬਰਦਾਰ, ਸ. ਸੁਖਪਾਲ ਸਿੰਘ ਸਰਪੰਚ ਧੌਲਪੁਰ, ਸ. ਅਮਰੀਕ ਸਿੰਘ ਮੱਲਿਆਂਵਾਲ, ਸ. ਬੁੱਧ ਸਿੰਘ ਢਡਿਆਲਾ, ਸ. ਸੁਖਪ੍ਰੀਤ ਸਿੰਘ ਧੌਲਪੁਰ, ਸ. ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੇਂਟਿੰਗ, ਸੁੰਦਰ ਲਿਖਾਈ ਤੇ ਲਿਖਤੀ ਧਾਰਮਿਕ ਮੁਕਾਬਲੇ ਕਰਵਾਏ

## ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਗੁਰਪੁਰਬ ਮੌਕੇ ਕੀਤਾ ਜਾਵੇਗਾ ਸਨਮਾਨਿਤ-ਭਾਈ ਲੌਂਗੋਵਾਲ



ਅੰਮ੍ਰਿਤਸਰ – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਾਲ ਕਰਵਾਏ ਜਾਂਦੇ ਵੱਖ-ਵੱਖ ਮੁਕਾਬਲਿਆਂ ਤਹਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੀਤੇ ਕੱਲ੍ਹ ਸਕੂਲੀ ਬੱਚਿਆਂ ਦੀ ਧਾਰਮਿਕ ਲਿਖਤੀ ਪ੍ਰੀਖਿਆ ਲਈ ਗਈ। ਇਨ੍ਹਾਂ ਮੁਕਾਬਲਿਆਂ ਵਿਚ 45 ਸਕੂਲਾਂ ਦੇ ਲਗਭਗ 225 ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸੇ ਦੌਰਾਨ ਸੁੰਦਰ ਲਿਖਾਈ ਲਈ ਵੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ 74 ਬੱਚਿਆਂ ਨੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਨੂੰ ਅਸ਼ੀਰਵਾਦ ਦੇਣ ਲਈ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਹਰ ਸਾਲ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਅੰਦਰ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਪੰਜਾਬ ਭਰ ਦੇ ਸਕੂਲੀ ਵਿਦਿਆਰਥੀਆਂ ਦੇ ਲਿਖਤੀ ਇਮਤਿਹਾਨ, ਭਾਸ਼ਣ, ਕਵੀਸ਼ਰੀ, ਕਵਿਤਾ, ਸ਼ਬਦ ਕੀਰਤਨ, ਪੇਂਟਿੰਗ ਤੇ ਕੁਇਜ਼ ਮੁਕਾਬਲੇ ਕਰਵਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਹ ਮੁਕਾਬਲੇ ਕਰਵਾਉਣ ਦਾ ਮੰਤਵ ਨੌਜੁਆਨੀ ਅਤੇ ਬੱਚਿਆਂ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਵਿਰਸੇ, ਇਤਿਹਾਸ ਅਤੇ ਗੁਰਮਤਿ ਦੀ ਰਹਿਣੀ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਮੁਕਾਬਲਿਆਂ ਵਿੱਚੋਂ ਅੱਵਲ ਆਉਣ ਵਾਲੇ ਬੱਚਿਆਂ ਨੂੰ ਗੁਰਪੁਰਬ ਸਮੇਂ ਸਨਮਾਨਿਤ ਕੀਤਾ ਜਾਵੇਗਾ।



ਇਸ ਤੋਂ ਪਹਿਲਾਂ ਹਰ ਸਾਲ ਦੀ ਤਰ੍ਹਾਂ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਬੱਚਿਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ 15 ਕਾਲਜਾਂ ਤੇ 70 ਸਕੂਲਾਂ ਦੇ 350 ਦੇ ਕਰੀਬ ਵਿਦਿਆਰਥੀ ਸ਼ਾਮਲ ਹੋਏ। ਇਨ੍ਹਾਂ ਵਿਦਿਆਰਥੀਆਂ ਵਿਚ 6 ਬੱਚੇ ਭਾਈ ਨਗਾਹੀਆ ਜੀ ਸਕੂਲ ਫਾਰ ਡੈੱਫ ਆਲਮਗੀਰ ਲੁਧਿਆਣਾ ਤੋਂ ਵੀ ਪਹੁੰਚੇ, ਜਿਨ੍ਹਾਂ ਨੇ ਖੂਬਸੂਰਤ ਪੇਂਟਿੰਗਾਂ ਬਣਾਈਆਂ। ਮੁਕਾਬਲੇ ਤਿੰਨ ਵਰਗਾਂ ਵਿਚ ਵੰਡ ਕੇ ਕਰਵਾਏ ਗਏ। ਪਹਿਲੇ ਵਰਗ ਵਿਚ ਛੇਵੀਂ ਤੋਂ ਅੱਠਵੀਂ ਤਕ, ਦੂਜੇ ਵਰਗ ਵਿਚ ਨੌਵੀਂ ਤੋਂ ਬਾਰ੍ਹਵੀਂ ਤਕ ਅਤੇ ਤੀਸਰੇ ਵਰਗ ਵਿਚ ਬੀ.ਏ. ਤੋਂ ਐਮ.ਏ. ਤਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਪਹਿਲੇ ਤੇ ਦੂਜੇ ਦਰਜੇ ਦੇ ਵਿਦਿਆਰਥੀਆਂ ਨੂੰ ਪੇਂਟਿੰਗ ਬਣਾਉਣ ਲਈ ਗੁਰੂ ਘਰ ਵਿਚ ਸਜੀ ਸੰਗਤ ਦਾ ਦ੍ਰਿਸ਼, ਸ਼ਹੀਦਾਂ ਦੀ ਤਸਵੀਰ, ਮੋਬਾਇਲ ਦੀ ਦੁਰਵਰਤੋਂ, ਗੁਰੂ ਕੇ ਲੰਗਰ ਦਾ ਦ੍ਰਿਸ਼, ਨਸ਼ੇ ਦੇ ਮਾੜੇ ਪ੍ਰਭਾਵਾਂ ਸਬੰਧੀ, ਹੋਲੇ ਮਹੱਲੇ ਦਾ ਦ੍ਰਿਸ਼, ਅਠਾਰ੍ਹਵੀਂ ਸਦੀ ਦੇ ਸਿੱਖ ਜਰਨੈਲ ਦੀ ਤਸਵੀਰ, ਇੱਕ ਰੁੱਖ ਸੌ ਸੁੱਖ ਦੇ ਭਾਵ ਨੂੰ ਦਰਸਾਉਣ ਸਬੰਧੀ ਅਤੇ ਮਹਾਰਾਜਾ ਰਣਜੀਤ ਸਿੰਘ ਦੇ ਦਰਬਾਰ ਦਾ ਦ੍ਰਿਸ਼ ਆਦਿ ਵਿਸ਼ੇ ਦਿੱਤੇ ਗਏ। ਕਾਲਜ ਪੱਧਰ ਦੇ ਵਿਦਿਆਰਥੀਆਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾਂ ਵਿਚ ਬੈਠ ਕੇ ਇਸ ਪਾਵਨ ਅਸਥਾਨ ਦੀਆਂ ਤਸਵੀਰਾਂ ਬਣਾਈਆਂ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਮੀਤ ਮੈਨੇਜਰ ਸ. ਜਸਪਾਲ ਸਿੰਘ, ਸ. ਗੁਰਤਿੰਦਰਪਾਲ ਸਿੰਘ, ਸ. ਕਾਬਲ ਸਿੰਘ ਲੁਹਾਰਕਾ ਸੁਪਰਵਾਈਜ਼ਰ, ਸ. ਅਮਰਜੀਤ ਸਿੰਘ ਲੌਂਗੋਵਾਲ, ਇੰਚਾਰਜ ਡਾ. ਅਮਰਜੀਤ ਕੌਰ, ਸਕਾਲਰ ਡਾ. ਰਣਜੀਤ ਕੌਰ, ਬੀਬੀ ਕਿਰਨਦੀਪ ਕੌਰ ਤੇ ਬੀਬੀ ਗੁਰਮੀਤ ਕੌਰ, ਬੀਬੀ ਹਰਪ੍ਰੀਤ ਕੌਰ, ਬੀਬੀ ਗੁਰਮੀਨ ਕੌਰ, ਬੀਬੀ ਸਿਮਰਨਜੀਤ ਕੌਰ, ਬੀਬੀ ਪਲਵਿੰਦਰ ਕੌਰ ਸਮੇਤ ਹੋਰ ਮੌਜੂਦ ਸਨ।

# ਡਾ. ਰੂਪ ਸਿੰਘ ਵੱਲੋਂ ਸੰਪਾਦਿਤ ਪੁਸਤਕ 'ਨਿਰਭਉ ਨਿਰੰਕਾਰ'

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕੀਤੀ ਸੰਗਤ ਅਰਪਣ



ਅੰਮ੍ਰਿਤਸਰ ਅਕਤੂਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੀ ਗਈ ਪੁਸਤਕ 'ਨਿਰਭਉ ਨਿਰੰਕਾਰ' ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਕੀਤੀ। ਇਸ ਪੁਸਤਕ ਦੇ ਮੁੱਖ ਸੰਪਾਦਕ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਅਤੇ ਸ਼੍ਰੋਮਣੀ ਸਿੱਖ ਚਿੰਤਕ ਡਾ. ਰੂਪ ਸਿੰਘ, ਜਦਕਿ ਇਸ ਦੇ ਸੰਪਾਦਕ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇੰਚਾਰਜ ਡਾ. ਅਮਰਜੀਤ ਕੌਰ ਤੇ ਸਕਾਲਰ ਡਾ. ਰਣਜੀਤ ਕੌਰ ਪੰਨਵਾਂ ਹਨ।

ਪੁਸਤਕ ਜਾਰੀ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਕ ਪੱਤਰ ਗੁਰਮਤਿ ਪ੍ਰਕਾਸ਼ ਵਿਚ ਸਮੇਂ-ਸਮੇਂ ਛਪੇ ਖੋਜ-ਭਰਪੂਰ ਲੇਖਾਂ ਨੂੰ ਪਾਠਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਕਿਤਾਬਾਂ ਤਿਆਰ ਕਰਨ ਦੇ ਫੈਸਲੇ ਤਹਿਤ ਇਹ ਪੁਸਤਕ ਪ੍ਰਕਾਸ਼ ਵਿਚ ਆਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਇਸੇ ਲੜੀ ਤਹਿਤ ਹੀ ਡਾ. ਰੂਪ ਸਿੰਘ ਦੀ ਸੰਪਾਦਨਾ ਹੇਠ ਸੱਤ ਕਿਤਾਬਾਂ ਪਾਠਕਾਂ ਤੱਕ ਪਹੁੰਚ ਚੁੱਕੀਆਂ ਹਨ, ਜਿਨ੍ਹਾਂ ਵਿਚ 'ਸਿੱਖ ਸੰਕਲਪ, ਸਿਧਾਂਤ ਤੇ ਸੰਸਥਾਵਾਂ' ਅਤੇ 'ਵੱਡਾ ਪੁਰਖ' ਪੁਸਤਕਾਂ ਦੇ ਸੰਗਤਾਂ ਦੀ ਵੱਡੀ ਮੰਗ 'ਤੇ ਤਿੰਨ ਤਿੰਨ ਐਡੀਸ਼ਨ ਛਪ ਚੁੱਕੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਗੱਲ 'ਤੇ ਪ੍ਰਸੰਨਤਾ ਪ੍ਰਗਟਾਈ ਕਿ ਇਨ੍ਹਾਂ ਸਪੁਤਕਾਂ ਨੂੰ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਡਾ. ਰੂਪ ਸਿੰਘ ਪ੍ਰਬੰਧਕੀ ਕਾਰਜਾਂ ਦੇ ਨਾਲ-ਨਾਲ ਖੋਜ-ਕਾਰਜਾਂ ਵਿਚ ਵੀ ਅਹਿਮ ਭੂਮਿਕਾ ਨਿਭਾ ਰਹੇ ਹਨ ਅਤੇ ਇਨ੍ਹਾਂ ਦੀ ਮਿਹਨਤ, ਲਗਨ ਅਤੇ ਸਿਰੜ ਕਾਰਨ ਇਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਸ਼੍ਰੋਮਣੀ ਸਿੱਖ ਚਿੰਤਕ ਦਾ ਐਵਾਰਡ ਵੀ ਮਿਲ ਚੁੱਕਾ ਹੈ। ਉਨ੍ਹਾਂ ਇਸ ਪੁਸਤਕ ਲਈ ਡਾ. ਰੂਪ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀ ਸੰਪਾਦਕਾਂ ਦੀ ਪ੍ਰਸ਼ੰਸਾ ਵੀ ਕੀਤੀ।

ਇਸ ਦੌਰਾਨ ਪੁਸਤਕ ਦੇ ਮੁੱਖ ਸੰਪਾਦਕ ਡਾ. ਰੂਪ ਸਿੰਘ ਨੇ ਦੱਸਿਆ ਕਿ ਜਾਰੀ ਕੀਤੀ ਪੁਸਤਕ ਵਿਚ ਸ੍ਰੀ ਗੁਰੂ ਹਰਿਰਾਇ ਸਾਹਿਬ, ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਇਤਿਹਾਸ ਤੇ ਉਨ੍ਹਾਂ ਦੀ ਦੇਣ ਨਾਲ ਸਬੰਧਤ ਲੇਖ ਦਰਜ਼ ਹਨ। ਉਨ੍ਹਾਂ ਕਿਹਾ ਕਿ ਗੁਰਮਤਿ ਪ੍ਰਕਾਸ਼ ਮੈਗਜ਼ੀਨ ਵਿਚ ਅਜਿਹੇ ਬਹੁਤ ਸਾਰੇ ਲੇਖ ਸ਼ਾਮਲ ਮਿਲਦੇ ਹਨ, ਜੋ ਮੌਜੂਦਾ ਸਮੇਂ ਪਾਠਕਾਂ ਤੱਕ ਪਹੁੰਚਾਉਣੇ ਬਹੁਤ ਜ਼ਰੂਰੀ ਹਨ।ਇਸੇ ਮੰਤਵ ਨਾਲ ਹੀ ਇਹ ਪੁਸਤਕਾਂ ਤਿਆਰ ਕੀਤੀਆਂ ਜਾ ਰਹੀਆਂ ਹਨ।

ਡਾ. ਰੂਪ ਸਿੰਘ ਨੇ ਦੱਸਿਆ ਕਿ ਹੁਣ ਤੱਕ ਇਸ ਲੜੀ ਤਹਿਤ ਸ੍ਰੀ ਗੁਰੂ ਅਰਜਨ ਦੇਵ ਜੀ ਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਇਤਿਹਾਸ ਨਾਲ ਸਬੰਧਤ ਪੁਸਤਕਾਂ ਨੂੰ ਛੱਡ ਕੇ ਬਾਕੀ ਗੁਰੂ ਸਾਹਿਬਾਨ ਸਬੰਧੀ ਪੁਸਤਕਾਂ ਸੰਪਾਦਿਤ ਕਰਨ ਦੇ ਨਾਲ-ਨਾਲ ਸਿੱਖੀ ਦੇ ਸਿਧਾਂਤਾਂ, ਸੰਸਥਾਵਾਂ ਅਤੇ ਸੰਘਰਸ਼ ਦੇ ਸਮੇਂ ਨਾਲ ਸਬੰਧਤ ਕਿਤਾਬਾਂ ਵੀ ਪ੍ਰਕਾਸ਼ਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਜਲਦ ਹੀ ਪੰਜਵੇਂ ਅਤੇ ਛੇਵੇਂ ਗੁਰੂ ਸਾਹਿਬ ਨਾਲ ਸਬੰਧਤ ਇਤਿਹਾਸਕ ਲੇਖਾਂ ਦੀਆਂ ਪੁਸਤਕਾਂ ਵੀ ਤਿਆਰ ਕਰ ਲਈਆਂ ਜਾਣਗੀਆਂ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਗੁਰਬਚਨ ਸਿੰਘ ਲੇਹਲ, ਮੈਨੇਜਰ ਸ. ਮੁਖਤਾਰ ਸਿੰਘ, ਸ. ਅਮਰਜੀਤ ਸਿੰਘ ਲੌਂਗੋਵਾਲ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਆਦਿ ਮੌਜੂਦ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਮੇਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ

## ਸੁੰਦਰ ਜਲੌ, ਦੀਪਮਾਲਾ ਤੇ ਫੁੱਲਾਂ ਦੀ ਸਜਾਵਟ ਦਾ ਸੰਗਤ ਨੇ ਮਾਣਿਆ ਅਨੰਦ



ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪਾਦਨਾ ਅਸਥਾਨ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਪੁਰਾਤਨ ਚੱਲਦੀ ਆ ਰਹੀ ਰਵਾਇਤ ਅਨੁਸਾਰ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਵੱਡੀ ਗਿਣਤੀ 'ਚ ਸੰਗਤਾਂ ਨੇ ਗੁਰਬਾਣੀ ਦਾ ਜਾਪ ਕਰਦਿਆਂ ਸ਼ਮੂਲੀਅਤ ਕੀਤੀ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਆਸਾ ਦੀ ਵਾਰ ਦੇ ਕੀਰਤਨ ਤੋਂ ਬਾਅਦ ਨਗਰ ਕੀਰਤਨ ਦੀ ਆਰੰਭਤਾ ਮੌਕੇ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ, ਜਦਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘੱ ਨੇ ਪਾਵਨ ਹੁਕਮਨਾਮਾ ਲਿਆ।

ਨਗਰ ਕੀਰਤਨ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਆਪਣੇ ਸੀਸ ਉਪਰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਲਿਜਾ ਕੇ ਪਾਲਕੀ ਸਾਹਿਬ ਵਿਚ ਸ਼ਸ਼ੁਭਿਤ ਕੀਤਾ ਅਤੇ ਨਗਰ ਕੀਰਤਨ ਦੌਰਾਨ ਚੌਰ ਸਾਹਿਬ ਦੀ ਸੇਵਾ ਵੀ ਨਿਭਾਈ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਵੀ ਉਚੇਰੇ ਤੌਰ 'ਤੇ ਮੌਜੂਦ ਸਨ। ਪਰੰਪਰਾ ਅਨੁਸਾਰ ਨਗਰ ਕੀਰਤਨ ਕਰੋੜੀ ਚੌਂਕ ਅਤੇ ਬਾਬਾ ਸਾਹਿਬ ਚੌਂਕ ਤੋਂ ਹੁੰਦਾ ਹੋਇਆ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਪੰਨ ਹੋਇਆ। ਇਸ ਸਮੇਂ ਦੂਰੋਂ-ਨੇੜਿਓਂ ਵੱਡੀ ਗਿਣਤੀ ਵਿਚ ਪੁੱਜੀਆਂ ਸੰਗਤਾਂ, ਗੱਤਕਾ ਅਖਾੜਿਆਂ, ਸਭ-ਸੁਸਾਇਟੀਆਂ, ਸਕੂਲੀ ਬੱਚਿਆਂ ਦੀਆਂ ਬੈਂਡ ਤੇ ਗੱਤਕਾ ਟੀਮਾਂ ਨੇ ਸ਼ਮੂਲੀਅਤ ਕੀਤੀ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਥਾਂ-ਥਾਂ ਛਬੀਲਾਂ ਅਤੇ ਲੰਗਰ ਵੀ ਲਗਾਏ ਗਏ। ਨਗਰ ਕੀਰਤਨ ਦੇ ਸਾਰੇ ਰਸਤੇ ਵਿਚ ਵਿਸ਼ੇਸ਼ ਤੌਰ 'ਤੇ ਸਜਾਵਟ ਕੀਤੀ ਗਈ ਸੀ ਅਤੇ ਥਾਂ-ਥਾਂ 'ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ।

ਨਗਰ ਕੀਰਤਨ ਦੀ ਆਰੰਭਤਾ ਸਮੇਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਜਿਥੇ ਪਹਿਲੇ ਪ੍ਰਕਾਸ਼ ਪੁਰਬ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ, ਉਥੇ ਹੀ ਇਤਿਹਾਸ ਵਿਚੋਂ ਇਸ ਮਹਾਨ ਨਗਰ ਕੀਰਤਨ ਦੀ ਪਰੰਪਰਾ ਸਬੰਧੀ ਵੀ ਵਿਚਾਰ ਸਾਂਝੇ



ਕੀਤੇ।

ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ 1604 ਈ: ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਉਪਰੰਤ ਬਾਬਾ ਬੁੱਢਾ ਜੀ ਅਤੇ ਸਿੱਖ ਸੰਗਤਾਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਇਸ ਅਸਥਾਨ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪ੍ਰਕਾਸ਼ ਕਰਨ ਲਈ ਲਿਜਾਇਆ ਗਿਆ ਸੀ ਅਤੇ ਇਸੇ ਪਰੰਪਰਾ ਤਹਿਤ ਹਰ ਸਾਲ ਪ੍ਰਕਾਸ਼ ਪੁਰਬ 'ਤੇ ਨਗਰ ਕੀਰਤਨ ਸਜਾਇਆ ਜਾਂਦਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਦਾ ਅੰਮ੍ਰਿਤਮਈ ਉਪਦੇਸ਼ ਜੀਵਨ ਵਿਚ ਕਮਾਉਣ ਦੀ ਅਪੀਲ ਵੀ ਕੀਤੀ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹਿਰ ਨਿਵਾਸੀਆਂ ਨਾਲ ਰਾਬਤਾ ਕਾਇਮ ਕਰਕੇ ਵਿਸ਼ੇਸ਼ ਪੁਰਬਾਂ ਨੂੰ ਰਲ਼-ਮਿਲ ਕੇ ਮਨਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਮੈਂਬਰ ਸ. ਰਾਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਲਦੇਵ ਸਿੰਘ ਚੂੰਘਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਗੁਰਮੀਤ ਸਿੰਘ ਬੁੱਟਰ, ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਬਚਨ ਸਿੰਘ ਲੇਹਲ, ਸ. ਸਤਿੰਦਰ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਹਰਭਜਨ ਸਿੰਘ ਵਕਤਾ ਇੰਚਾਰਜ ਪਬਲੀਸਿਟੀ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਲਖਬੀਰ ਸਿੰਘ, ਸ. ਬਘੇਲ ਸਿੰਘ, ਸ. ਸੁਖਬੀਰ ਸਿੰਘ, ਸ. ਸਤਨਾਮ ਸਿੰਘ, ਸ. ਹਰਪ੍ਰੀਤ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਜਗਤਾਰ ਸਿੰਘ, ਸ. ਗੁਰਾ ਸਿੰਘ, ਸ. ਗੁਰਪ੍ਰਤਾਪ ਸਿੰਘ ਟਿੱਕਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸ. ਅਮਰਬੀਰ ਸਿੰਘ ਢੋਟ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਸੈਮੀਨਾਰ ਆਯੋਜਿਤ

## ਸੈਮੀਨਾਰ ਦੌਰਾਨ ਬਾਬਾ ਸੇਵਾ ਸਿੰਘ, ਡਾ. ਜਸਪਾਲ ਸਿੰਘ, ਡਾ. ਰੂਪ ਸਿੰਘ, ਡਾ. ਬਲਕਾਰ ਸਿੰਘ ਸਮੇਤ ਹੋਰਾਂ ਨੇ ਕੀਤੇ ਵਿਚਾਰ ਪ੍ਰਗਟ




ਬਹਾਦਰਗੜ੍ਹ/ਪਟਿਆਲਾ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਵਿਸ਼ਵ ਦੇ ਉਹ ਕ੍ਰਾਂਤੀਕਾਰੀ ਤੇ ਦਾਰਸ਼ਨਿਕ ਰਹਿਬਰ ਸਨ, ਜਿਨ੍ਹਾਂ ਨੇ ਸਮਾਜ ਨੂੰ ਉੱਚਾ ਚੁੱਕਣ ਲਈ ਸਰਬਕਾਲੀ ਵਿਚਾਰਧਾਰਾ ਦੇ ਕੇ ਦੁਨੀਆਂ ਦੇ ਧਾਰਮਿਕ ਇਤਿਹਾਸ ਨੂੰ ਨਵਾਂ ਮੋੜ ਦਿੱਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ ਵਿਖੇ 'ਗੁਰੂ ਨਾਨਕ ਮਿਸ਼ਨ ਅਤੇ ਮਨੁੱਖੀ ਜੀਵਨ ਦੇ ਵਰਤਮਾਨ ਸਰੋਕਾਰ' ਵਿਸ਼ੇ 'ਤੇ ਕਰਵਾਏ ਗਏ ਵਿਸ਼ੇਸ਼ ਸੈਮੀਨਾਰ ਮੌਕੇ ਪ੍ਰਧਾਨਗੀ ਭਾਸ਼ਣ ਦੌਰਾਨ ਕੀਤਾ।

ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਗੁਰੂ ਸਾਹਿਬ ਦੇ ਜੀਵਨ ਦਰਸ਼ਨ ਤੇ ਉਪਦੇਸ਼ਾਂ ਨੂੰ ਸਮਝਣ ਤੇ ਖੋਜਣ ਲਈ ਇਕ ਸੁਨਹਿਰੀ ਮੌਕਾ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਇਤਿਹਾਸਕ ਦਿਹਾੜੇ ਨੂੰ ਸਮਰਪਿਤ ਦੇਸ਼ ਦੇ ਵੱਡੇ ਸ਼ਹਿਰਾਂ ਵਿਚ ਅਜਿਹੇ ਵਿਸ਼ੇਸ਼ ਸੈਮੀਨਾਰ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਦਿਹਾੜੇ ਨੂੰ ਮਨਾਉਣ ਲਈ ਸਮੁੱਚੀਆਂ ਸਿੱਖ ਜਥੇਬੰਦੀਆਂ ਦਾ ਸਹਿਯੋਗ ਲਿਆ ਜਾਵੇਗਾ

### ਪਹਿਲੇ ਪਾਤਸ਼ਾਹ ਜੀ ਦੀ ਸਰਬਕਾਲੀ ਵਿਚਾਰਧਾਰਾ ਨੇ ਦੁਨੀਆਂ ਦੇ ਧਾਰਮਿਕ ਇਤਿਹਾਸ ਨੂੰ ਦਿੱਤਾ ਨਵਾਂ ਮੋੜ-ਭਾਈ ਲੌਂਗੋਵਾਲ

ਅਤੇ ਇਸ ਸਬੰਧੀ ਸੰਤ-ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਗੁਰਮਤਿ ਟਕਸਾਲਾਂ ਤੇ ਹੋਰ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ 12 ਅਕਤੂਬਰ ਨੂੰ ਇਕੱਤਰਤਾ ਕੀਤੀ ਜਾਵੇਗੀ। ਉਨ੍ਹਾਂ ਸਿੱਖ ਵਿਦਵਾਨਾਂ ਤੇ ਬੁੱਧੀਜੀਵੀਆਂ ਨੂੰ ਵੀ ਗੁਰੂ ਸਾਹਿਬ ਦੇ ਉਪਦੇਸ਼ਾਂ ਸਬੰਧੀ ਖੋਜ ਕਾਰਜ ਕਰ ਕੇ ਸੰਗਤ ਅਰਪਣ ਕਰਨ ਦੀ ਅਪੀਲ ਕੀਤੀ। ਸੈਮੀਨਾਰ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਦੌਰਾਨ ਕਿਹਾ ਕਿ ਮਨੁੱਖੀ ਜੀਵਨ ਅਤੇ ਸਮਾਜ ਦੇ ਸਰੋਕਾਰਾਂ ਨੂੰ ਸਮਝਣ ਲਈ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਵਡਮੁੱਲੀ ਹੈ। ਉਨ੍ਹਾਂ ਮਨੁੱਖੀ ਜੀਵਨ ਦੀਆਂ ਉਲਝਣਾ 'ਚੋਂ ਨਿਕਲਣ ਅਤੇ ਸੁਖਾਵੇਂ ਸਮਾਜ ਦੀ ਸਿਰਜਣਾ ਲਈ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਪ੍ਰੇਰਣਾ ਸਰੋਤ ਦੱਸਦਿਆਂ ਕਿਹਾ ਕਿ ਜੇਕਰ ਅਸੀਂ ਸੁਖੀ ਜੀਵਨ ਦੀ ਕਾਮਨਾ ਕਰਦੇ ਹਾਂ ਤਾਂ ਸਾਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣਾ ਪਵੇਗਾ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਨੇ ਸੱਚ ਦੀ ਗੱਲ ਕਹਿਣ ਲਈ ਸੰਵਾਦ ਵਿਧੀ ਨੂੰ ਅਪਨਾਇਆ ਅਤੇ ਅੱਜ ਵੀ ਇਸ ਗੱਲ ਦੀ ਵੱਡੀ ਲੋੜ ਹੈ ਕਿ ਸਿੱਖ ਕੌਮ ਸੰਵਾਦ ਦੇ ਰਾਹ 'ਤੇ ਚੱਲਦਿਆਂ ਕੌਮ ਨਾਲੋਂ ਟੁੱਟ ਚੁੱਕੀਆਂ ਸ਼ਾਖਾਵਾਂ ਨੂੰ ਨਾਲ ਜੋੜਨ ਦਾ ਉਪਰਾਲਾ ਕਰੇ। ਵਾਤਾਵਰਣ ਪ੍ਰੇਮੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਨੁਸਾਰ ਸਮਾਜ ਵਿਚ ਹਰਿਆਵਲ ਲਹਿਰ ਸਿਰਜਣ ਦਾ ਸੱਦਾ ਦਿੱਤਾ ਅਤੇ ਸ਼ਤਾਬਦੀ ਸਮੇਂ ਹੋਣ ਵਾਲੇ ਸਮਾਗਮਾਂ ਵਿਚ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਵੀ ਗੱਲ ਆਖੀ।

ਸੈਮੀਨਾਰ ਦੌਰਾਨ ਡਾ. ਸਰਬਜੀਤ ਸਿੰਘ ਰੇਣੁਕਾ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਬ੍ਰਿਜਪਾਲ ਸਿੰਘ, ਡਾ. ਹਰਸ਼ਿੰਦਰ ਕੌਰ ਤੇ ਡਾ. ਸੁਖਦੇਵ ਸਿੰਘ ਲਾਜ ਨੇ ਆਪਣੇ ਪਰਚਿਆਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੁਰਬਾਣੀ ਅਤੇ ਉਨ੍ਹਾਂ ਦੀ ਵਿਚਾਰਧਾਰਾ ਦੀ ਵੱਖ-ਵੱਖ ਪਹਿਲੂਆਂ ਤੋਂ ਵਿਆਖਿਆ ਕੀਤੀ। ਬੁਲਾਰਿਆਂ ਵੱਲੋਂ ਪੜ੍ਹੇ ਗਏ ਪਰਚਿਆਂ ਦਾ ਤੱਤਸਾਰ ਇਹ ਸੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਵਿਚ ਸਮੁੱਚੇ ਬ੍ਰਹਿਮੰਡ ਦੀਆਂ ਸਮੱਸਿਆਵਾਂ ਦਾ ਹੱਲ ਮੌਜੂਦ ਹੈ ਅਤੇ ਜੇਕਰ ਅਸੀਂ ਸਾਵੇਂ ਪੱਧਰੇ ਜੀਵਨ ਦੀ ਕਾਮਨਾ ਕਰਦੇ ਹਾਂ ਤਾਂ ਸਾਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਅਮਲ ਵਿਚ ਲਿਆਉਣਾ ਚਾਹੀਦਾ ਹੈ।

ਸੈਮੀਨਾਰ ਦੇ ਅਖੀਰ ਵਿਚ ਤੱਤਸਾਰ ਭਾਸ਼ਣ 'ਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਰਲਡ ਪੰਜਾਬੀ ਸੈਂਟਰ ਦੇ ਡਾਇਰੈਕਟਰ ਡਾ. ਬਲਕਾਰ ਸਿੰਘ ਸਾਰੇ ਬੁਲਾਰਿਆਂ ਦੇ ਵਿਚਾਰਾਂ ਦੇ ਨਿਚੋੜ ਰੂਪ ਵਿਚ ਕਿਹਾ ਕਿ ਗੁਰੂ ਸਾਹਿਬ ਦੀ ਵਿਚਾਰਧਾਰਾ ਦੇਸ਼ ਦੁਨੀਆਂ ਦੀਆਂ ਹੱਦਾਂ ਸਰਹੱਦਾਂ ਤੋਂ ਪਾਰ ਹੈ ਜਿਸ ਨੂੰ ਸਮਝਣ ਲਈ ਅਜਿਹੇ ਸੈਮੀਨਾਰ ਵਧੀਆ ਜ਼ਰੀਆ ਹਨ। ਸਟੇਜ ਦੇ ਫ਼ਰਜ਼ ਡਾ. ਚਮਕੌਰ ਸਿੰਘ ਡਾਇਰੈਕਟਰ ਟੌਹੜਾ ਇੰਸਟੀਚਿਊਟ ਨੇ ਨਿਭਾਏ। ਇਸ ਮੌਕੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਰਚੇ ਪੜ੍ਹਨ ਵਾਲੇ ਵਿਦਵਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਸੈਮੀਨਾਰ ਦੌਰਾਨ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ, ਅੰਤ੍ਰਿੰਗ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਸਵਿੰਦਰ ਸਿੰਘ ਸਭਰਵਾਲ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਵਰਲਡ ਪੰਜਾਬੀ ਸੈਂਟਰ ਦੇ ਡਾਇਰੈਕਟਰ ਡਾ. ਬਲਕਾਰ ਸਿੰਘ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਗਿਆਨੀ ਹਰਪਾਲ ਸਿੰਘ, ਡਾ. ਜਤਿੰਦਰ ਸਿੰਘ ਸਿੱਧੂ ਡਾਇਰੈਕਟਰ ਐਜੂਕੇਸ਼ਨ, ਡਾ. ਚਮਕੌਰ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਸਰਬਜੀਤ ਸਿੰਘ ਸ਼ਿਮਲਾ, ਸ. ਸਿਮਰਜੀਤ ਸਿੰਘ ਕੰਗ, ਡਾ. ਹਰਜਿੰਦਰ ਸਿੰਘ ਵਾਲੀਆ, ਡਾ. ਰਤਨ ਸਿੰਘ ਜੱਗੀ, ਸ. ਸੁਖਮਿੰਦਰ ਸਿੰਘ ਗੱਜਣਵਾਲਾ, ਸ. ਨਰਪਾਲ ਸਿੰਘ ਸ਼ੇਰਗਿੱਲ, ਸ. ਸੁਖਦੇਵ ਸਿੰਘ ਰਈਆ, ਡਾ. ਗੁਰਸ਼ਰਨ ਕੌਰ ਜੱਗੀ, ਡਾ. ਗੁਰਮੀਤ ਸਿੰਘ ਸਿੱਧੂ, ਡਾ. ਹਰਦੇਵ ਸਿੰਘ, ਡਾ. ਪਰਮਵੀਰ ਸਿੰਘ, ਡਾ. ਗੁਰਨਾਮ ਸਿੰਘ, ਡਾ. ਬਿਕਰਮਬੀਰ ਸਿੰਘ, ਸ. ਰਵਿੰਦਰਪਾਲ ਸਿੰਘ ਕਪੂਰ, ਸ. ਅਮਰਪ੍ਰੀਤ ਸਿੰਘ ਖ਼ਾਲਸਾ ਏਡ ਵਾਲੇ, ਸ. ਗੁਰਦੇਵ ਸਿੰਘ ਸਿੱਧੂ ਮੋਹਾਲੀ, ਸ. ਦਰਸ਼ਨ ਸਿੰਘ ਲੌਂਗੋਵਾਲ, ਸ. ਕਰਨੈਲ ਸਿੰਘ ਨਾਭਾ ਤੇ ਸ. ਜੋਗਾ ਸਿੰਘ ਮੈਨੇਜਰ, ਸ. ਰਾਜਿੰਦਰਪਾਲ ਸਿੰਘ ਕਪੂਰ ਸਮੇਤ ਵੱਡੀ ਗਿਣਤੀ ਵਿਚ ਸਰੋਤੇ ਹਾਜ਼ਰ ਸਨ।